ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 2 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੦ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਜਥੇਦਾਰ ਦੀ ਯੋਗਤਾ ਤੇ ਨਿਯੁਕਤੀ ਲਈ ਨਿਯਮਾਵਲੀ ਬਣਾਉਣ ਸਬੰਧੀ ਸ਼੍ਰੋਮਣੀ ਕਮੇਟੀ ਨੇ ਮੰਗੇ ਸੁਝਾਅ

**ਅੰਮ੍ਰਿਤਸਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਬਣੇ ਹਾਲਾਤਾਂ ਦੇ ਮੱਦੇਨਜ਼ਰ ਇੱਕ ਅਹਿਮ ਐਲਾਨ ਕਰਦਿਆਂ ਕਿਹਾ ਸੀ ਕਿ ਸਿੱਖ ਪੰਥ ਅੰਦਰ ਸਿੰਘ ਸਾਹਿਬਾਨ ਤੇ ਹਰ ਜਥੇਬੰਦੀ ਦਾ ਸਤਿਕਾਰ ਕਾਇਮ ਰੱਖਿਆ ਜਾਵੇਗਾ ਤੇ ਜਥੇਦਾਰਾਂ ਦੀਆਂ ਪਦਵੀਆਂ ਸਬੰਧੀ ਭਵਿੱਖ ਵਿੱਚ ਸਿੱਖ ਸੰਪਰਦਾਵਾਂ ਦੇ ਰਾਏ ਮਸ਼ਵਰੇ ਨੂੰ ਅਣਡਿੱਠ ਨਹੀਂ ਕੀਤਾ ਜਾਵੇਗਾ। ਇਸ ਨੂੰ ਲੈ ਕੇ ਹੁਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੋਸ਼ਲ ਮੀਡੀਆ ਉੱਤੇ ਜਾਣਕਾਰੀ ਸਾਂਝੀ ਕੀਤੀ ਗਈ ਹੈ ਜਿਸ ਵਿੱਚ ਲਿਖਿਆ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ। ਇਹ ਸੁਝਾਅ 20 ਅਪ੍ਰੈਲ 2025 ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ ਅਧਿਕਾਰਤ ਈਮੇਲ ਅਤੇ ਵੱਟਸਐਪ ਨੰਬਰ 77101-36200 'ਤੇ ਭੇਜੇ ਜਾਣ।

# ਗੁਜਰਾਤ 'ਚ ਪਟਾਕਿਆਂ ਦੀ ਫੈਕਟਰੀ 'ਚ ਲੱਗੀ ਭਿਆਨਕ ਅੱਗ, 6 ਮਜ਼ਦੂਰ ਜ਼ਿੰਦਾ ਸੜੇ



**ਨਵੀਂ ਦਿੱਲੀ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਜਰਾਤ ਦੇ ਬਨਾਸਕਾਂਠਾ ਦੇ ਡੀਸਾ ਵਿੱਚ ਧੁਨਵਾ ਰੋਡ 'ਤੇ ਸਥਿਤ ਇੱਕ ਪਟਾਕਿਆਂ ਦੀ ਫੈਕਟਰੀ ਅਤੇ ਗੋਦਾਮ ਵਿੱਚ ਭਿਆਨਕ ਅੱਗ ਲੱਗ ਗਈ। ਜਿਸ ਕਾਰਨ ਫੈਕਟਰੀ ਵਿੱਚ ਕੰਮ ਕਰ ਰਹੇ 6 ਮਜ਼ਦੂਰ ਸੜ ਗਏ। ਇਸ ਦੇ ਨਾਲ ਹੀ ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਅਤੇ ਅੱਗ 'ਤੇ ਕਾਬੂ ਪਾਇਆ। ਇਸ ਵੇਲੇ ਮਲਬਾ ਹਟਾਉਣ ਦਾ ਕੰਮ ਚੱਲ ਰਿਹਾ ਹੈ। ਪੁਲਿਸ ਅਨੁਸਾਰ ਬਨਾਸਕਾਂਠਾ ਵਿੱਚ ਇੱਕ ਪਟਾਕਾ ਫੈਕਟਰੀ ਵਿੱਚ ਅੱਗ ਲੱਗਣ ਕਾਰਨ 6 ਮਜ਼ਦੂਰਾਂ ਦੀ ਮੌਤ ਹੋਣ ਦੀ ਖ਼ਬਰ ਹੈ। ਫਿਲਹਾਲ ਅੱਗ 'ਤੇ ਕਾਬੂ ਪਾ ਲਿਆ ਗਿਆ ਹੈ। ਸੂਚਨਾ ਮਿਲਦੇ ਹੀ 108 ਐਂਬੂਲੈਂਸ ਵੀ ਮੌਕੇ 'ਤੇ ਪਹੁੰਚ ਗਈ। ਜਿਸ ਤੋਂ ਬਾਅਦ ਅੱਗ ਵਿੱਚ ਸੜ ਗਏ ਲੋਕਾਂ ਨੂੰ ਹਸਪਤਾਲ ਲਿਜਾਇਆ ਗਿਆ।

## ਮਹਿਲਾ ਨਾਲ ਸਰੀਰਕ ਸ਼ੋਸ਼ਣ ਦੇ ਮਾਮਲੇ 'ਚ ਪਾਸਟਰ ਬਜਿੰਦਰ ਨੂੰ ਮਿਲੀ ਉਮਰ ਕੈਦ ਦੀ ਸਜ਼ਾ

**ਜਲੰਧਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਪਾਦਰੀ ਨੂੰ 2018 ਵਿੱਚ ਜ਼ੀਰਕਪੁਰ ਦੀ ਇੱਕ ਔਰਤ ਨਾਲ ਸਰੀਰਕ ਸ਼ੋਸ਼ਣ ਦੇ ਮਾਮਲੇ ਵਿੱਚ ਉਮਰਕੈਦ ਦੀ ਸਜ਼ਾ ਮਿਲੀ ਹੈ। ਦੱਸ ਦਈਏ ਕਿ ਪਾਸਟਰ ਬਜਿੰਦਰ ਨੂੰ 28 ਮਾਰਚ ਨੂੰ ਮੁਹਾਲੀ ਦੀ ਅਦਾਲਤ ਨੇ ਦੋਸ਼ੀ ਠਹਿਰਾਇਆ ਸੀ। ਜਿਸ ਤੋਂ ਬਾਅਦ ਉਸਨੂੰ ਪਟਿਆਲਾ ਜੇਲ੍ਹ ਭੇਜ ਦਿੱਤਾ ਗਿਆ ਸੀ। ਦੱਸ ਦਈਏ ਕਿ ਪੰਜਾਬ ਦੇ ਮਸ਼ਹੂਰ ਪਾਸਟਰ ਬਜਿੰਦਰ 'ਤੇ 2018 'ਚ ਇੱਕ 35 ਸਾਲਾ ਔਰਤ ਨੇ ਯੌਨ ਸ਼ੋਸ਼ਣ ਦਾ ਦੋਸ਼ ਲਗਾਇਆ ਸੀ। ਪੀੜਤਾ ਦਾ ਦਾਅਵਾ ਸੀ ਕਿ ਪਾਸਟਰ ਨੇ ਮੁਹਾਲੀ ਸਥਿਤ ਆਪਣੇ ਘਰ ਜਾ ਕੇ ਉਸ ਦਾ ਸਰੀਰਕ ਸ਼ੋਸ਼ਣ ਕੀਤਾ ਅਤੇ ਬਲੈਕਮੇਲ ਕਰਨ ਦੀ ਧਮਕੀ ਦਿੱਤੀ। ਸ਼ਿਕਾਇਤ ਮੁਤਾਬਕ ਅਪ੍ਰੈਲ 2018 'ਚ ਪੀੜਤਾ ਨੇ ਹਿੰਮਤ ਜਤਾਈ ਅਤੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ, ਜਿਸ ਤੋਂ ਬਾਅਦ ਉਹ ਫਰਾਰ ਹੋ ਗਿਆ। ਬਾਅਦ ਵਿਚ ਉਸ ਨੂੰ ਦਿੱਲੀ ਹਵਾਈ ਅੱਡੇ ਤੋਂ ਉਸ ਸਮੇਂ ਗ੍ਰਿਫਤਾਰ ਕਰ ਲਿਆ ਗਿਆ ਜਦੋਂ ਉਹ ਲੰਡਨ ਭੱਜਣ ਦੀ ਕੋਸ਼ਿਸ਼ ਕਰ ਰਿਹਾ ਸੀ। ਕੁਝ ਦਿਨ ਪਹਿਲਾਂ ਹੀ ਬਜਿੰਦਰ 'ਤੇ ਜਲੰਧਰ ਦੀ ਇਕ ਹੋਰ 22 ਸਾਲਾ ਔਰਤ ਨੇ ਜਿਨਸੀ ਸ਼ੋਸ਼ਣ ਦੇ ਦੋਸ਼ ਲਾਏ ਹਨ, ਜਿਸ ਦਾ ਮਾਮਲਾ ਵੀ ਕਾਨੂੰਨੀ ਪ੍ਰਕਿਰਿਆ ਵਿਚ ਹੈ। ਹਾਲ ਹੀ ਵਿੱਚ ਵਾਇਰਲ ਹੋਈ ਇੱਕ ਵੀਡੀਓ ਵਿੱਚ ਬਜਿੰਦਰ ਨੂੰ ਆਪਣੇ ਦਫ਼ਤਰ ਵਿੱਚ ਇੱਕ ਔਰਤ ਅਤੇ ਕਰਮਚਾਰੀਆਂ ਨਾਲ ਕੁੱਟਮਾਰ ਕਰਦੇ ਦੇਖਿਆ ਗਿਆ। ਮੁਹਾਲੀ ਪੁਲਿਸ ਨੇ ਇਸ ਯੌਨ ਸ਼ੋਸ਼ਣ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਪੀੜਤਾ ਨੇ ਹਾਲ ਹੀ ਵਿੱਚ ਮੁੱਲਾਂਪੁਰ ਪੁਲਿਸ ਸਟੇਸ਼ਨ ਵਿੱਚ ਆਪਣੇ ਬਿਆਨ ਦਰਜ ਕਰਵਾਏ ਹਨ। ਪੰਜਾਬ ਪੁਲਿਸ ਨੇ ਵੱਖ-ਵੱਖ ਧਾਰਾਵਾਂ ਤਹਿਤ ਕਈ ਮਾਮਲੇ ਦਰਜ ਕੀਤੇ ਹਨ। ਜਿਨਸੀ ਪਰੇਸ਼ਾਨੀ, ਪਿੱਛਾ ਕਰਨਾ, ਅਪਰਾਧਿਕ ਧਮਕੀਆਂ ਅਤੇ ਸਰੀਰਕ ਹਮਲੇ ਸਮੇਤ। ਦੱਸ ਦਈਏ ਕਿ 2018 ਦੇ ਇਸ ਕੇਸ ਵਿੱਚ ਉਹ ਫਿਲਹਾਲ ਜ਼ਮਾਨਤ 'ਤੇ ਬਾਹਰ ਸੀ ਪਰ ਮੋਹਾਲੀ ਅਦਾਲਤ ਵੱਲੋਂ ਜਾਰੀ ਗੈਰ-ਜ਼ਮਾਨਤੀ ਵਾਰੰਟ ਨੇ ਉਸ ਦੀਆਂ ਮੁਸ਼ਕਲਾਂ ਵਧਾ ਦਿੱਤੀਆਂ ਸਨ।



## ਪਾਤੜਾਂ 'ਚ ਪੁਲਿਸ ਚੌਕੀ ਅੰਦਰ ਹੋਇਆ ਧਮਾਕਾ, ਧਮਾਕੇ ਨਾਲ ਬਾਰੀਆਂ ਦੇ ਟੁੱਟੇ ਸ਼ੀਸ਼ੇ



**ਪਟਿਆਲਾ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਪਟਿਆਲਾ ਦੇ ਬਾਦਸ਼ਾਹਪੁਰ ਥਾਣੇ 'ਚ ਧਮਾਕਾ ਹੋਣ ਕਾਰਨ ਹੜਕੰਪ ਮਚ ਗਿਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਪਟਿਆਲਾ ਰੇਂਜ ਦੇ ਡੀਆਈਜੀ ਅਤੇ ਐਸਐਸਪੀ ਮੌਕੇ 'ਤੇ ਪੁੱਜੇ। ਇਹ ਪਹਿਲਾ ਹਮਲਾ ਹੈ, ਜੋ ਪੰਜਾਬ ਦੇ ਮਾਲਵਾ ਖੇਤਰ ਵਿੱਚ ਹੋਇਆ ਹੈ। ਇਸ ਤੋਂ ਪਹਿਲਾਂ ਸਾਰੇ ਹਮਲੇ ਮਾਝਾ ਖੇਤਰ ਵਿੱਚ ਕੀਤੇ ਗਏ ਸਨ। ਪੰਜਾਬ ਦੇ ਕਈ ਸ਼ਹਿਰਾਂ ਵਿੱਚ ਕਈ ਥਾਣਿਆਂ ਵਿੱਚ ਧਮਾਕੇ ਹੋ ਚੁੱਕੇ ਹਨ। ਇਹ ਧਮਾਕਾ ਬਾਦਸ਼ਾਹਪੁਰ ਥਾਣੇ ਦੇ ਦਫ਼ਤਰ ਵਿੱਚ ਹੋਇਆ। ਧਮਾਕੇ ਕਾਰਨ ਆਸ-ਪਾਸ ਦੇ ਘਰਾਂ 'ਚ ਰਹਿਣ ਵਾਲੇ ਲੋਕ ਡਰ ਗਏ ਹਨ। ਧਮਾਕਾ ਇੰਨਾ ਜ਼ਬਰਦਸਤ ਸੀ ਕਿ ਥਾਣੇ ਦੀਆਂ ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ, ਜਿਸ ਤੋਂ ਬਾਅਦ ਪੁਲਿਸ ਅਧਿਕਾਰੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਐਸਐਸਪੀ ਨਾਨਕ ਸਿੰਘ ਨੇ ਦੱਸਿਆ ਕਿ ਇਹ ਧਮਾਕਾ ਦੇਰ ਰਾਤ ਹੋਇਆ, ਜਿਸ ਤੋਂ ਬਾਅਦ ਪੁਲਿਸ ਕੰਟਰੋਲ ਰੂਮ 'ਚ ਸੂਚਨਾ ਦਿੱਤੀ ਗਈ। ਪਟਿਆਲਾ ਪੁਲਿਸ ਦੀਆਂ ਜਾਂਚ ਟੀਮਾਂ ਤੁਰੰਤ ਮੌਕੇ 'ਤੇ ਪਹੁੰਚ ਗਈਆਂ। ਦੇਰ ਰਾਤ ਜਦੋਂ ਧਮਾਕੇ ਦੀ ਆਵਾਜ਼ ਸੁਣੀ ਤਾਂ ਆਸ-ਪਾਸ ਦੇ ਲੋਕ ਇਕੱਠੇ ਹੋ ਗਏ। ਆਲੇ-ਦੁਆਲੇ ਦੇ ਇਲਾਕੇ ਦੀ ਜਾਂਚ ਕੀਤੀ ਗਈ, ਪਰ ਕੁਝ ਨਹੀਂ ਮਿਲਿਆ। ਆਸਪਾਸ ਦੇ ਲੋਕਾਂ ਮੁਤਾਬਕ ਧਮਾਕੇ ਦੀ ਆਵਾਜ਼ ਇੰਨੀ ਜ਼ਬਰਦਸਤ ਸੀ ਕਿ ਇਸ ਦੀ ਆਵਾਜ਼ ਡੇਢ ਕਿਲੋਮੀਟਰ ਤੱਕ ਸੁਣਾਈ ਦਿੱਤੀ। ਐਸਐਸਪੀ ਨਾਨਕ ਸਿੰਘ ਨੇ ਦੱਸਿਆ ਕਿ ਘਟਨਾ ਵਾਲੀ ਥਾਂ 'ਤੇ ਜਾਂਚ ਦੌਰਾਨ ਕੋਈ ਸ਼ੱਕੀ ਚੀਜ਼ ਨਹੀਂ ਮਿਲੀ। ਫਿਲਹਾਲ ਅਸੀਂ ਆਪਣੇ ਤੌਰ 'ਤੇ ਜਾਂਚ ਕਰ ਰਹੇ ਹਾਂ। ਤਾਂ ਜੋ ਸਾਨੂੰ ਪਤਾ ਲੱਗ ਸਕੇ ਕਿ ਆਖਿਰ ਉਸ ਸਥਾਨ 'ਤੇ ਕੀ ਹੋਇਆ ਸੀ। ਐਸਐਸਪੀ ਨਾਨਕ ਸਿੰਘ ਨੇ ਇਸ ਧਮਾਕੇ ਪਿੱਛੇ ਕਿਸੇ ਵੀ ਗ੍ਰਨੇਡ ਹਮਲੇ ਜਾਂ ਅੱਤਵਾਦੀ ਹਮਲੇ ਤੋਂ ਇਨਕਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਫਿਲਹਾਲ ਅਸੀਂ ਇਸ ਐਂਗਲ ਦੀ ਜਾਂਚ ਕਰ ਰਹੇ ਹਾਂ।

## ਹੁਸ਼ਿਆਰਪੁਰ ਅਦਾਲਤ ਦਾ ਇਤਿਹਾਸਕ ਫੈਸਲਾ, ਦੋਹਰੇ ਕਤਲ ਕਾਂਡ 'ਚ 3 ਮੁਲਜ਼ਮਾਂ ਨੂੰ ਸੁਣਾਈ ਦੋਹਰੀ ਉਮਰ ਕੈਦ

**ਹੁਸ਼ਿਆਰਪੁਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੈਸ਼ਨ ਜੱਜ ਦਿਲਬਾਗ ਸਿੰਘ ਜੌਹਲ ਹੁਸ਼ਿਆਰਪੁਰ ਦੀ ਅਦਾਲਤ ਨੇ ਦੋਹਰੇ ਕਤਲ ਕੇਸ ਵਿੱਚ ਤਿੰਨ ਮੁਲਜ਼ਮਾਂ ਨੂੰ ਦੋਸ਼ੀ ਕਰਾਰ ਦਿੰਦਿਆਂ ਦੋਹਰੀ ਉਮਰ ਕੈਦ ਅਤੇ 46-46 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਜੁਰਮਾਨਾ ਅਦਾ ਨਾ ਕਰਨ ਦੀ ਸੂਰਤ ਵਿੱਚ ਤਿੰਨਾਂ ਦੋਸ਼ੀਆਂ ਨੂੰ ਇੱਕ-ਇੱਕ ਸਾਲ ਦੀ ਹੋਰ ਕੈਦ ਕੱਟਣੀ ਪਵੇਗੀ। ਮ੍ਰਿਤਕ ਔਰਤ ਦੇ ਭਰਾ ਕੁਲਦੀਪ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਕੋਟਪੁਰ ਥਾਣਾ ਟਾਂਡਾ ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਟਾਂਡਾ ਦੀ ਪੁਲਿਸ ਨੇ ਮੁਲਜ਼ਮ ਜਗਜੀਤ ਸਿੰਘ, ਅਜੈ ਕੁਮਾਰ ਵਾਸੀ ਸੁਨਿਆਰਾ ਮੁਹੱਲਾ ਦਸੂਹਾ ਅਤੇ ਮਹਿੰਦਰ ਸਿੰਘ ਉਰਫ਼ ਮਨੂ ਖ਼ਿਲਾਫ਼ 27 ਮਾਰਚ 2016 ਨੂੰ ਕੇਸ ਦਰਜ ਕਰ ਲਿਆ ਸੀ ਅਤੇ ਇਨ੍ਹਾਂ ਖ਼ਿਲਾਫ਼ ਆਈਪੀਸੀ ਦੀ ਧਾਰਾ 30, 30 ਆਈ.ਪੀ.ਸੀ. ਅਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਹੁਸ਼ਿਆਰਪੁਰ ਦੇ ਸੀਨੀਅਰ ਵਕੀਲ ਐਚ.ਐਸ.ਸੈਣੀ ਅਤੇ ਡੀ.ਏ ਪਵਨਪ੍ਰੀਤ ਸਿੰਘ ਨੇ ਦੱਸਿਆ ਕਿ 27 ਮਾਰਚ 2016 ਨੂੰ ਕੁਲਦੀਪ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਕੋਟਪੁਰ ਥਾਣਾ ਟਾਂਡਾ ਨੇ ਪੁਲਿਸ ਕੋਲ ਆਪਣੇ ਬਿਆਨ ਦਰਜ ਕਰਵਾਏ ਸਨ ਕਿ ਸੰਤੋਸ਼ ਕੌਰ ਅਤੇ ਜੀਜਾ ਗੁਰਦੇਵ ਸਿੰਘ ਟਾਂਡਾ ਦੇ ਵਾਰਡ ਨੰਬਰ ਇੱਕ ਵਿੱਚ ਰਹਿੰਦੇ ਸਨ। ਦੇਰ ਰਾਤ ਅਣਪਛਾਤੇ ਵਿਅਕਤੀਆਂ ਵੱਲੋਂ ਉਸ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਿਸ ਨੇ ਦੋਵਾਂ ਦੀਆਂ ਲਾਸ਼ਾਂ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

**ਕਾਲ ਡਿਟੇਲ ਨੇ ਖੋਲ੍ਹੀ ਪੋਲ :** ਐਸਐਸਪੀ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਉਕਤ ਮਾਮਲੇ ਦੀ ਜਾਂਚ ਲਈ ਟੀਮ ਗਠਿਤ ਕੀਤੀ ਗਈ ਸੀ। ਜਦੋਂ ਐਸਐਚਓ ਜਗਜੀਤ ਸਿੰਘ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਜਾਂਚ ਕੀਤੀ ਤਾਂ ਹੈਰਾਨੀਜਨਕ ਘਟਨਾ ਸਾਹਮਣੇ ਆਈ। ਇਸ ਤੋਂ ਇਕ ਮਹੀਨੇ ਬਾਅਦ 1 ਮਈ 2016 ਨੂੰ ਪੁਲਿਸ ਨੇ ਮ੍ਰਿਤਕਾ ਸੰਤੋਸ਼ ਕੌਰ ਅਤੇ ਉਸ ਦੇ ਪਤੀ ਗੁਰਦੇਵ ਸਿੰਘ ਦੇ ਕਤਲ ਕੇਸ ਵਿਚ ਉਸ ਦੀ ਨੂੰਹ ਦਾ ਮੋਬਾਈਲ ਫੋਨ ਆਪਣੇ ਕਬਜ਼ੇ ਵਿਚ ਲੈ ਲਿਆ ਅਤੇ ਉਸ ਦੀ ਸਾਰੀ ਕਾਲ ਡਿਟੇਲ ਕੱਢ ਲਈ। ਕਾਲ ਡਿਟੇਲ ਤੋਂ ਪਤਾ ਲੱਗਾ ਕਿ ਉਸ ਦੀ ਨੂੰਹ ਕਿਰਨਦੀਪ ਕੌਰ ਨੇ ਆਪਣੇ ਰਿਸ਼ਤੇਦਾਰਾਂ ਦੀ ਮਦਦ ਨਾਲ ਆਪਣੇ ਸਹੁਰੇ ਅਤੇ ਸੱਸ ਦਾ ਕਤਲ ਕਰਵਾਇਆ ਸੀ। ਤਿੰਨ ਦਿਨਾਂ ਬਾਅਦ ਪੁਲਿਸ ਨੇ ਇੱਕ ਗੁਪਤ ਸੂਚਨਾ ਦੇ ਤਹਿਤ ਉਕਤ ਮਾਮਲੇ ਵਿੱਚ ਸ਼ਾਮਲ ਜਗਜੀਤ ਸਿੰਘ, ਅਜੇ ਕੁਮਾਰ ਅਤੇ ਮਹਿੰਦਰ ਸਿੰਘ ਉਰਫ਼ ਮਨੂ ਨੂੰ ਉਨ੍ਹਾਂ ਦੇ ਘਰੋਂ ਗ੍ਰਿਫ਼ਤਾਰ ਕਰਕੇ ਉਨ੍ਹਾਂ ਦਾ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ। ਜਦੋਂ ਉਕਤ ਮੁਲਜ਼ਮਾਂ ਨੇ ਪੁਲੀਸ ਨੂੰ ਦੱਸਿਆ ਕਿ ਮ੍ਰਿਤਕ ਜੋੜੇ ਦਾ ਲੜਕਾ ਗੁਰਪ੍ਰੀਤ ਸਿੰਘ ਵਿਦੇਸ਼ ਵਿੱਚ ਰਹਿ ਰਿਹਾ ਸੀ। ਉਸ ਦੀ ਪਤਨੀ ਦੇ ਜਗਜੀਤ ਸਿੰਘ ਨਾਲ ਨਾਜਾਇਜ਼ ਸਬੰਧ ਸਨ, ਜਿਸ ਦਾ ਪਤਾ ਉਸ ਦੀ ਭੈਣ ਅਤੇ ਭਰਜਾਈ ਨੂੰ ਲੱਗਾ। ਭੈਣ ਸੰਤੋਸ਼ ਕੌਰ ਅਤੇ ਜੀਜਾ ਕੁਲਦੀਪ ਸਿੰਘ ਨੇ ਇਸ ਦਾ ਵਿਰੋਧ ਕੀਤਾ ਜਦੋਂ ਕਿ ਨੂੰਹ ਉਨ੍ਹਾਂ ਦੀ ਗੱਲ ਨਹੀਂ ਮੰਨ ਰਹੀ ਸੀ। ਉਹ ਦਿਨ-ਰਾਤ ਜਗਜੀਤ ਸਿੰਘ ਨੂੰ ਆਪਣੇ ਘਰ ਬੁਲਾਉਂਦੀ ਸੀ ਅਤੇ ਉਸ ਦੇ ਨਾਲ ਰਹਿੰਦੀ ਸੀ, ਜਿਸ ਕਾਰਨ ਘਰ ਵਿਚ ਪ੍ਰੇਸ਼ਾਨੀ ਰਹਿੰਦੀ ਸੀ। ਉਸ ਦੀ ਨੂੰਹ ਨੇ ਆਪਣਾ ਰਸਤਾ ਸਾਫ਼ ਕਰਨ ਦੀ ਨੀਅਤ ਨਾਲ ਆਪਣੇ ਨਜ਼ਦੀਕੀ ਰਿਸ਼ਤੇਦਾਰਾਂ ਦੀ ਮਦਦ ਲੈ ਕੇ 27 ਮਾਰਚ ਦੀ ਰਾਤ ਨੂੰ ਜਗਜੀਤ ਸਿੰਘ ਨੂੰ ਘਰ ਬੁਲਾਇਆ ਅਤੇ ਆਪਣੀ ਸੱਸ ਅਤੇ ਸਹੁਰੇ ਨੂੰ ਮਾਰਨ ਦੀ ਯੋਜਨਾ ਬਣਾਈ। ਜਗਜੀਤ ਸਿੰਘ ਨੇ ਆਪਣੇ ਸਾਥੀਆਂ ਅਜੇ ਕੁਮਾਰ ਅਤੇ ਮਹਿੰਦਰ ਸਿੰਘ ਉਰਫ਼ ਮਨੂ ਨੂੰ ਘਰ ਬੁਲਾ ਕੇ ਉਸੇ ਰਾਤ ਆਪਣੀ ਭੈਣ ਸੰਤੋਸ਼ ਕੌਰ ਅਤੇ ਜੀਜਾ ਕੁਲਦੀਪ ਸਿੰਘ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। 10 ਸਾਲ ਬਾਅਦ ਅਦਾਲਤ ਨੇ ਉਕਤ ਮਾਮਲੇ ਦੇ ਤਿੰਨੋਂ ਦੋਸ਼ੀਆਂ ਨੂੰ ਉਮਰ ਕੈਦ ਅਤੇ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਪੰਜਾਬ ਸਰਕਾਰ ਨੇ ਵਾਪਸ ਲਈ ਬਿਕਰਮ ਸਿੰਘ ਮਜੀਠੀਆ ਦੀ ਸੁਰੱਖਿਆ - ਸੂਤਰ




**ਚੰਡੀਗੜ੍ਹ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਸਿੰਘ ਬਾਦਲ ਨੇ ਸੁਰੱਖਿਆ ਰੱਦ ਕਰਨ 'ਤੇ ਚਿੰਤਾਵਾਂ ਪ੍ਰਗਟ ਕਰਦਿਆਂ ਇਸਨੂੰ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਹਮਲਾ ਕਰਨ ਦੀ ਵੱਡੀ ਸਾਜ਼ਿਸ਼ ਦਾ ਹਿੱਸਾ ਦੱਸਿਆ। ਉਨ੍ਹਾਂ ਇੱਕ ਬਿਆਨ ਵਿੱਚ ਕਿਹਾ, "ਮਾਨ ਸਰਕਾਰ ਸ਼੍ਰੋਮਣੀ ਅਕਾਲੀ ਦਲ ਵਿਰੁੱਧ ਆਪਣੇ ਨੁਕਸਾਨਦੇਹ ਅਤੇ ਖਤਰਨਾਕ ਇਰਾਦਿਆਂ ਲਈ ਬੇਨਕਾਬ ਹੋ ਗਈ ਹੈ।" ਸੂਤਰਾਂ ਅਨੁਸਾਰ, ਇੱਕ ਮਹੱਤਵਪੂਰਨ ਰਾਜਨੀਤਿਕ ਕਦਮ ਚੁੱਕਦੇ ਹੋਏ, ਪੰਜਾਬ ਸਰਕਾਰ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਜ਼ੈੱਡ ਪਲੱਸ ਸੁਰੱਖਿਆ ਕਵਰ ਵਾਪਸ ਲੈ ਲਈ ਹੈ। ਸ਼੍ਰੋਮਣੀ ਅਕਾਲੀ ਦਲ ਦੇ ਇੱਕ ਪ੍ਰਮੁੱਖ ਨੇਤਾ ਮਜੀਠੀਆ ਨੂੰ ਉਨ੍ਹਾਂ ਦੇ ਉੱਚ-ਪ੍ਰੋਫਾਈਲ ਰਾਜਨੀਤਿਕ ਰੁਤਬੇ ਕਾਰਨ ਪਹਿਲਾਂ ਜ਼ੈੱਡ ਪਲੱਸ ਸੁਰੱਖਿਆ ਦਿੱਤੀ ਗਈ ਸੀ। ਜ਼ਿਕਰਯੋਗ ਹੈ ਕਿ ਬਿਕਰਮ ਸਿੰਘ ਮਜੀਠੀਆ, ਹਮੇਸ਼ਾ ਹੀ ਪੰਜਾਬ ਸਰਕਾਰ ਵੱਲੋਂ ਕੀਤੇ ਜਾਂਦੇ ਲੋਕ ਵਿਰੋਧੀ ਕੰਮਾਂ ਦੀ ਪੋਲ ਖੋਲਦੇ ਰਹਿੰਦੇ ਹਨ ਅਤੇ ਲੋਕਾਂ ਨੂੰ ਜਾਗਰੂਕ ਕਰਦੇ ਰਹਿੰਦੇ ਹਨ। ਇਸ ਫੈਸਲੇ ਨੇ ਸਿਆਸੀ ਮਾਹੌਲ ਨੂੰ ਹੋਰ ਭਖਾ ਦਿੱਤਾ ਹੈ, ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਇਸ ਕਦਮ ਦੀ ਨਿੰਦਾ ਕੀਤੀ ਹੈ। ਸੁਖਬੀਰ ਸਿੰਘ ਬਾਦਲ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਖਤਰਨਾਕ ਰਾਜਨੀਤਿਕ ਚਾਲਾਂ ਵਰਤਣ ਦਾ ਦੋਸ਼ ਲਗਾਇਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਪੰਜਾਬ ਵਿੱਚ ਪਾਰਟੀ ਦੇ ਪ੍ਰਭਾਵ ਨੂੰ ਅਸਥਿਰ ਕਰਨ ਦੇ ਉਦੇਸ਼ ਨਾਲ ਗਿਣੇ-ਮਿੱਥੇ ਕਦਮਾਂ ਰਾਹੀਂ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਨੇ ਸੁਰੱਖਿਆ ਰੱਦ ਕਰਨ 'ਤੇ ਚਿੰਤਾਵਾਂ ਪ੍ਰਗਟ ਕਰਦਿਆਂ ਇਸਨੂੰ ਅਕਾਲੀ ਦਲ ਦੀ ਲੀਡਰਸ਼ਿਪ 'ਤੇ ਹਮਲਾ ਕਰਨ ਦੀ ਵੱਡੀ ਸਾਜ਼ਿਸ਼ ਦਾ ਹਿੱਸਾ ਦੱਸਿਆ। ਉਨ੍ਹਾਂ ਇੱਕ ਬਿਆਨ ਵਿੱਚ ਕਿਹਾ, "ਮਾਨ ਸਰਕਾਰ ਸ਼੍ਰੋਮਣੀ ਅਕਾਲੀ ਦਲ ਵਿਰੁੱਧ ਆਪਣੇ ਨੁਕਸਾਨਦੇਹ ਅਤੇ ਖਤਰਨਾਕ ਇਰਾਦਿਆਂ ਲਈ ਬੇਨਕਾਬ ਹੋ ਗਈ ਹੈ।"

# Nankana Sahib Yatra Committe Uk



# Pakistan Gurdwara Yatra

## 28th October to 7th November 2025

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com







ਪੰਥ ਬਚਾਓ

ਪੰਜਾਬ ਬਚਾਓ

ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

## ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖ਼ਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰੂਦੁਆਰਿਆਂ ਦੀ ਸਾਂਭ ਸੰਭਾਲ

### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਮੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁੱਰਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਣ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ






ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

# ਪਾਠ ਦਾ ਭੋਗ ਅਤੇ ਸ਼ਰਧਾਂਜਲੀ ਸਮਾਗਮ 4 ਅਪ੍ਰੈਲ ਨੂੰ



## ਭਾਈ ਮਹਿਲ ਸਿੰਘ ਜੀ ਬੱਬਰ

ਵਾਹਿਗੁਰੂ ਜੀ ਕਾ ਖਾਲਸਾ

ਵਾਹਿਗੁਰੂ ਜੀ ਕੀ ਫਤਿਹ

ਸਮੂਹ ਭਰਾਵਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਾਡੇ ਸਤਿਕਾਰ ਯੋਗ ਭਾਈ ਮਹਿਲ ਸਿੰਘ ਜੀ ਬੱਬਰ ਜੋ ਕੌਮੀ ਘਰ ਖਾਲਿਸਤਾਨ ਦੀ ਪ੍ਰਾਪਤੀ ਲਈ ਆਪਣੀ ਸਾਰੀ ਜਿੰਦਗੀ ਕੌਮ ਦੇ ਲੇਖੇ ਲਾ ਕੇ ਆਪਣੇ ਆਖਰੀ ਸਵਾਸ ਪੂਰੇ ਕਰਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ ਹਨ ਲੰਮਾ ਸਮਾਂ ਜਲਾਵਤੀ ਕੱਟੀ ਪਿੱਛੇ ਪਰਿਵਾਰ ਨੇ ਜਾਲਮ ਪੁਲਿਸ ਦਾ ਭਾਰੀ ਤਸੱਦਦ ਝੱਲਿਆਂ ਪਰ ਉਹਨਾਂ ਪਿੱਛੇ ਪਰਤ ਕੇ ਨਹੀਂ ਵੇਖਿਆ ਆਪਣੇ ਭਰਾਂ ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ ਜਥੇਦਾਰ ਬੱਬਰ ਖਾਲਾਸਾ ਨੇ ਸ਼ਹਾਦਤ ਦਿੱਤੀ ਇਹੋ ਜਹੇ ਮਹਾਨ ਸੂਰਬੀਰ ਯੋਧੇ ਦੀ ਕੁਰਬਾਨੀ ਨੂੰ ਸਿਰ ਝੁਕਦਾ ਹੈ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਗੁਰੂ ਘਰ ਗੁਰਦਵਾਰਾ ਸਿੰਘ ਸਭਾ ਬੋਬੀਨੀ ਵਿਖੇ ਪ੍ਰਬੰਧਕ ਕਮੇਟੀ ਅਤੇ ਸਮੂੰਹ ਸੰਗਤਾਂ ਵਲੋਂ ਦਿਨ ਸ਼ੁਕਰਵਾਰ 4 ਅਪ੍ਰੈਲ ਨੂੰ 11 ਵਜੇ ਅਖੰਡਪਾਠ ਸਾਹਿਬ ਆਰੰਭ ਹੋਣਗੇ 6 ਅਪ੍ਰੈਲ ਦਿਨ ਐਤਵਾਰ ਨੂੰ ਭੋਗ ਉਪਰੰਤ ਅਰਦਾਸ ਬੇਨਤੀ ਕੀਰਤਨ ਅਤੇ ਸ਼ਰਧਾਜਲੀ ਸਮਾਗਮ ਵਿੱਚ ਪੰਥਕ ਬੁਲਾਰਿਆ ਵਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਜਾਣਗੇ ਸਮੂੰਹ ਸੰਗਤਾਂ ਨੂੰ ਬੇਨਤੀ ਹੈ ਕਿ ਤਿੰਨੇ ਦਿਨ ਗੁਰੂ ਘਰ ਹਾਜ਼ਰੀ ਭਰਨੀ ਜੀ ਵਾਹਿਗੁਰੂ ਭਾਈ ਸਾਹਿਬ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਜੀ।

ਆਵਾਜ਼ਿ ਕੌਮ AWAZE QAUM International Newspaper & WEB TV



ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114




ਅਪੀਲ
ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।
ਆਵਾਜ਼ਿ ਕੌਮ AWAZE QAUM International Newspaper & WEB TV
ਇਹ ਸੁਝਾਅ ਮਿਤੀ 20 ਅਪ੍ਰੈਲ 2025 ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ ਅਧਿਕਾਰਤ ਈਮੇਲ info@sgpc.net ਅਤੇ ਵੱਟਸਐਪ ਨੰਬਰ 77101-36200 'ਤੇ ਭੇਜੇ ਜਾਣ।
ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

# ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਦੀਂ ਕਿਤਾਬ “ਜੰਗੀ ਯੋਧੇ”




ਸਿੱਖ ਸੰਘਰਸ਼ ਵਿੱਚ ਸ਼ਹਾਦਤ ਦੇਣ ਵਾਲੇ ਜੁਝਾਰੂ ਸਿੰਘਾਂ ਦੇ ਜੀਵਨ ’ਤੇ ਅਧਾਰਿਤ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਦੀਂ ਕਿਤਾਬ

## “ਜੰਗੀ ਯੋਧੇ”

ਪੰਜਾਬ ਦੇ ਵੱਖ-ਵੱਖ ਸਮਾਗਮਾਂ, ਕਬੱਡੀ ਟੂਰਨਾਮੈਂਟਾ ’ਤੇ ਭੇਟਾ ਰਹਿਤ ਵੰਡੀ ਜਾ ਰਹੀ ਹੈ, ਖਾੜਕੂ ਸੰਘਰਸ਼ ਨਾਲ ਜੁੜੀ ਇਹ ਪਹਿਲੀ ਕਿਤਾਬ ਹੈ ਜੋ ਭੇਟਾ ਰਹਿਤ ਵੰਡੀ ਜਾ ਰਹੀ ਹੈ।

ਗੁਰੂ ਗ੍ਰੰਥ ਪੰਥ ਦੇ ਦਾਸ

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

**+17348928498**

--✶ ਜਾਰੀ ਕਰਤਾ ✶--

ਭਾਈ ਪ੍ਰਗਟ ਸਿੰਘ ਜਰਮਨੀ ,ਭਾਈ ਗੁਰਲਾਲ ਸਿੰਘ ਦੁਬਈ ,ਭਾਈ ਜਸਕਰਨ ਸਿੰਘ ਜਪਾਨ ,ਭਾਈ ਮਨਦੀਪ ਸਿੰਘ ਪੁਰਤਗਾਲ ,ਭਾਈ ਨਿਸ਼ਾਨ ਸਿੰਘ ਕਨੇਡਾ ,ਭਾਈ ਵਸਾਵਾਂ ਸਿੰਘ ਯੂ ਐਸ ਏ ,ਭਾਈ ਰਣਬੀਰ ਸਿੰਘ ਭੰਗੂ ,ਭਾਈ ਪਰਮਿੰਦਰ ਸਿੰਘ ਗੜ੍ਹਾਗਾ ਖੇੜੀ, ਭਾਈ ਮਨਿਦਰ ਸਿੰਘ ਦੁਬਈ, ਪੰਕਜ ਕੁਮਾਰ ਜਰਮਨੀ ,ਭਾਈ ਨਵਦੀਪ ਸਿੰਘ ਮਿਲਵਾਕੀ , ਮਲਕੀਤ ਸਿੰਘ ਔਲਖ , ਸੁਖਬੀਰ ਸਿੰਘ ਬੱਗਾ ਯੂ ਐਸ ਏ ,ਅਮਿਤ ਕੁਮਾਰ ਯੂ ਐਸ ਏ , ਗੋਵਿੰਦ ਸਿੰਘ ਟੈਕਸਸ

ਕੇਂਦਰ ਸਰਕਾਰ ਖਾਲਸਾ ਪੰਥ ਦੇ ਸਾਜਨਾ ਦਿਹਾੜੇ ਵਿਸਾਖੀ ਪੁਰਬ ਮੌਕੇ

# ਬੰਦੀ ਸਿੰਘਾਂ ਦੀ ਰਿਹਾਈ ਦਾ ਕਰੇ ਐਲਾਨ: ਪਰਮਜੀਤ ਸਿੰਘ ਵੀਰਜੀ




**ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੇ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਪਰਮਜੀਤ ਸਿੰਘ ਵੀਰਜੀ ਨੇ ਮੀਡੀਆ ਨੂੰ ਜਾਰੀ ਕੀਤੇ ਇਕ ਬਿਆਨ ਰਾਹੀਂ ਕਿਹਾ ਕਿ ਸਿੱਖ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਪਿਛਲੇ ਕੁਝ ਸਮੇਂ ਤੋਂ ਨਾ ਸਿਰਫ਼ ਪੰਜਾਬ ਅਤੇ ਸਿੱਖ ਭਾਈਚਾਰੇ ਵਿਚ ਸਗੋਂ ਦੇਸ਼ ਦੀ ਰਾਜਨੀਤੀ ਵਿਚ ਵੀ ਭਖਦਾ ਅਤੇ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਸਗੋਂ ਪਿਛਲੇ ਲੰਮੇ ਸਮੇਂ ਤੋ ਇੰਨ੍ਹਾ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਪੰਥ ਵਲੋਂ ਵੱਡੇ ਪੱਧਰ ਤੇ ਆਵਾਜ਼ ਚੁਕੀ ਜਾ ਰਹੀ ਹੈ । ਬੰਦੀ ਸਿੰਘ ਜੋ ਕਿ ਕੌਮ ਉਪਰ ਹੋ ਰਹੇ ਸਰਕਾਰੀ ਜ਼ੁਲਮ ਵਿਰੁੱਧ ਉਠੇ ਸਨ ਇਹ ਆਮ ਘਰਾਂ ਦੇ ਸਿੱਖ ਨੌਜਵਾਨ ਸਨ, ਜੋ ਉਸ ਦੌਰ ਵਿੱਚ ਕਾਂਗਰਸੀ ਸਰਕਾਰਾਂ ਦੇ ਰਾਜਨੀਤਿਕ ਵਿਤਕਰਿਆਂ ਅਤੇ ਉਨ੍ਹਾਂ ਵੱਲੋਂ ਪੈਦਾ ਕੀਤੇ ਗਏ ਨਾਖੁਸ਼ਗਵਾਰ ਹਾਲਤਾਂ ਦੇ ਸ਼ਿਕਾਰ ਹੋਏ ਅਤੇ ਹਿੰਸਕ ਰਾਹ 'ਤੇ ਤੁਰਨ ਲਈ ਮਜਬੂਰ ਹੋਏ ਸਨ । ਬਣਦੀ ਸਜ਼ਾ ਤੋ ਵੀਂ ਵੱਧ ਕੈਦ ਦੀ ਸਜ਼ਾ ਕੱਟ ਰਹੇ ਕੈਦੀਆਂ ਦੀ ਰਿਹਾਈ ਕੇਂਦਰ ਅਤੇ ਰਾਜ ਦੇ ਦਖ਼ਲ ਤੋਂ ਬਿਨਾਂ ਸੰਭਵ ਨਹੀਂ ਹੁੰਦੀ ਹੈ। ਸਿੱਖ ਕੈਦੀਆਂ ਨੂੰ ਰਿਹਾਅ ਕਰਨ ਦਾ ਫ਼ੈਸਲਾ ਕੇਂਦਰ ਅਤੇ ਰਾਜ ਸਿਆਸੀ ਇੱਛਾ ਸ਼ਕਤੀ 'ਤੇ ਨਿਰਭਰ ਕਰਦਾ ਹੈ ।ਇਸੇ ਲਈ, ਸਿੱਖ ਭਾਈਚਾਰੇ ਦੀ ਮੰਗ ਨੂੰ ਧਿਆਨ ਵਿਚ ਰੱਖਦੇ ਹੋਏ, ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਭਾਰਤ ਸਰਕਾਰ ਨੇ ਨਵੰਬਰ 2019 ਵਿੱਚ ਗੁਰੂ ਨਾਨਕ ਜੀ ਦੇ 550ਵੇਂ ਪ੍ਰਕਾਸ਼ ਪੁਰਬ 'ਤੇ ਇਕ ਨੋਟੀਫ਼ਿਕੇਸ਼ਨ ਜਾਰੀ ਕੀਤਾ। ਪਰ ਉਸਦੇ ਬਾਵਜੂਦ ਇਸ ਨੋਟੀਫਿਕੇਸ਼ਨ ਤੇ ਕੋਈ ਕਾਰਵਾਈ ਨਹੀਂ ਹੋਈ । ਸਿੱਖ ਪੰਥ ਦੀ ਸਿਰਮੌਰ ਸੰਸਥਾ ਐਸਜੀਪੀਸੀ ਵਲੋਂ ਇਸ ਬੇਹੱਦ ਗੰਭੀਰ ਮਸਲੇ ਤੇ ਕਈ ਵਾਰ ਕੇਂਦਰ ਸਰਕਾਰ ਨੂੰ ਪੱਤਰ ਲਿਖ ਕੇ ਬੰਦੀ ਸਿੰਘਾਂ ਦੀ ਰਿਹਾਈ ਮਸਲੇ ਤੇ ਗੱਲਬਾਤ ਕਰਣ ਲਈ ਕਿਹਾ ਗਿਆ ਪਰ ਉਨ੍ਹਾਂ ਨੂੰ ਕੋਈ ਜੁਆਬ ਨਹੀਂ ਦਿੱਤਾ ਗਿਆ ।ਕੇਂਦਰ ਸਰਕਾਰ ਨੂੰ ਖਾਲਸਾ ਪੰਥ ਦੇ ਸਾਜਨਾ ਦਿਹਾੜੇ ਵਿਸਾਖੀ ਪੁਰਬ ਮੌਕੇ ਸਿੱਖ ਪੰਥ ਦੀ ਅਹਿਮ ਮੰਗ ਉਪਰ ਕਾਰਵਾਈ ਕਰਦਿਆਂ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰਕੇ ਇੰਨ੍ਹਾ ਸਿੰਘਾਂ ਨੂੰ ਮੁੜ ਮੁਖਧਾਰਾ ਨਾਲ ਜੁੜਨ ਦੇਣ ਦਾ ਉਪਰਾਲਾ ਕਰਣਾ ਚਾਹੀਦਾ ਹੈ ।ਪੰਥ ਦੇ ਇਸ ਅਤਿ ਗੰਭੀਰ ਮੁਦੇ ਬਾਰੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਵੀਂ ਆਪਣੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਜੋ ਕਿ ਹੁਣ ਦਿੱਲੀ ਰਾਜ ਸਰਕਾਰ ਵਿਚ ਕੈਬਿਨੇਟ ਮੰਤਰੀ ਬਣ ਚੁੱਕੇ ਹਨ ਰਾਹੀਂ ਬੰਦੀ ਸਿੰਘਾਂ ਦਾ ਮਸਲਾ ਹੱਲ ਕਰਵਾਣ ਲਈ ਅੱਗੇ ਆਣਾ ਚਾਹੀਦਾ ਹੈ ।

**ਦਿੱਲੀ ਗੁਰਦੁਆਰਾ ਕਮੇਟੀ ਸਿੱਖ ਮੰਤਰੀ ਮਨਜਿੰਦਰ ਸਿੰਘ ਸਿਰਸਾ ਰਾਹੀਂ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਆਵਾਜ਼ ਉਠਾਏ**

ਖਾਲਸਾ ਕਾਲਜ ਮਹਿਤਾ ਐਮ. ਏ. ਹਿਸਟਰੀ

# ਸਮੈਸਟਰ ਦੂਜੇ ਦਾ ਸ਼ਾਨਦਾਰ ਨਤੀਜਾ



**ਬਾਬਾ ਸੁਖਵੰਤ ਸਿੰਘ ਚੰਨਣਕੇ, ਚੌਕ ਮਹਿਤਾ, 1ਅਪਰੈਲ**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ ਦੂਜੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਹਰਪ੍ਰੀਤ ਕੌਰ ਅਤੇ ਮਨਦੀਪ ਕੌਰ 74% ,ਸੰਦੀਪ ਕੌਰ, ਸ਼ਰਨਜੀਤ ਕੌਰ, ਨਵਨੀਤ ਕੌਰ ,ਸੁਖਮਨਪ੍ਰੀਤ ਕੌਰ 73% ਸ਼ਰਨਜੀਤ ਕੌਰ, , ਜਸ਼ਨਪ੍ਰੀਤ ਕੌਰ, ਮਨਪ੍ਰੀਤ ਕੌਰ 72% ਅੰਕ ਹਾਸਿਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਪ੍ਰੇਮਜੀਤ ਸਿੰਘ, ਕਿਰਨਦੀਪ ਕੌਰ ,ਯਾਦਵੀਰ ਕੌਰ ਤੇ ਨਵਨੀਤ ਕੌਰ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ । ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ਅਤੇ ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ , ਮਨਜੀਤ ਕੌਰ ,ਗੁਰਸ਼ਰਨਪ੍ਰੀਤ ਕੌਰ, ਪੂਰਤੀ ਸ਼ਰਮਾ ,ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਅਮਨਦੀਪ ਕੌਰ, ਪਵਨਦੀਪ ਕੌਰ, ਸੁਖਮਨਦੀਪ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

# ਪੰਜਾਬ ਸਰਕਾਰ ਸੂਬੇ ਦੇ ਹਰ ਸਕੂਲ 'ਚ ਨਰਸਰੀ ਜਮਾਤ ਤੋਂ ਹੀ ਪੰਜਾਬੀ ਦੀ ਪੜ੍ਹਾਈ ਯਕੀਨੀ ਬਣਾਵੇ: ਜਥੇਦਾਰ ਕੁਲਦੀਪ ਸਿੰਘ ਗੜਗੱਜ



**ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਫ਼ਤਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਕਿ ਮਾਂ ਬੋਲੀ ਦਾ ਇੱਕ ਵਿਅਕਤੀ ਦੇ ਜੀਵਨ ਵਿੱਚ ਓਹੀ ਮਹੱਤਵ ਹੈ, ਜਿਵੇਂ ਜਨਮ ਦੇਣ ਵਾਲੀ ਮਾਂ ਤੇ ਧਰਤੀ ਦਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮਾਂ ਬੋਲੀ ਜਾਗਦੀਆਂ ਕੌਮਾਂ ਦੀ ਜਿੰਦ ਜਾਨ ਹੁੰਦੀ ਹੈ, ਇਸ ਲਈ ਪੰਜਾਬੀ ਭਾਸ਼ਾ ਦੀ ਸੰਭਾਲ ਤੇ ਇਸ ਨੂੰ ਪ੍ਰਫੁੱਲਤ ਕਰਨਾ ਸਾਡਾ ਫਰਜ਼ ਹੈ।ਉਨ੍ਹਾਂ ਕਿਹਾ ਕਿ ਹੋਲੇ ਮਹੱਲੇ ਮੌਕੇ ਸੰਬੋਧਨ ਦੌਰਾਨ ਪੰਜਾਬੀ ਭਾਸ਼ਾ ਨੂੰ ਜਿਹੜੀਆਂ ਚੁਣੌਤੀਆਂ ਦੀ ਗੱਲ ਉਨ੍ਹਾਂ ਨੇ ਕੀਤੀ ਸੀ ਅੱਜ ਉਹ ਸਹੀ ਸਾਬਤ ਹੋ ਰਿਹਾ ਹੈ। ਪੰਜਾਬ ਅੰਦਰ ਸਕੂਲਾਂ ਦੇ ਨਵੇਂ ਦਾਖ਼ਲੇ ਸ਼ੁਰੂ ਹੋ ਗਏ ਹਨ ਅਤੇ ਸੀਬੀਐੱਸਈ ਨਾਲ ਸਬੰਧਤ ਕਈ ਸਕੂਲਾਂ ਵਿੱਚੋਂ ਰਿਪੋਰਟਾਂ ਮਿਲ ਰਹੀਆਂ ਹਨ ਕਿ ਸਕੂਲ ਪ੍ਰਬੰਧਕਾਂ ਵੱਲੋਂ ਅੰਗਰੇਜ਼ੀ ਤੇ ਹਿੰਦੀ ਭਾਸ਼ਾਵਾਂ ਨੂੰ ਲਾਜ਼ਮੀ ਤੇ ਪੰਜਾਬੀ ਨੂੰ ਵਿਕਲਪ ਦੇ ਰੂਪ ਵਿੱਚ ਰੱਖਿਆ ਗਿਆ ਹੈ, ਜੋ ਕਿ ਬਰਦਾਸ਼ਤਯੋਗ ਨਹੀਂ। ਇਹ ਸਥਿਤੀ ਪੰਜਾਬੀ ਭਾਸ਼ਾ ਪ੍ਰਤੀ ਵਧ ਰਹੇ ਅਣਗਹਿਲੇ ਰਵੱਈਏ ਨੂੰ ਦਰਸਾਉਂਦੀ ਹੈ, ਜਦ ਕਿ ਸਰਕਾਰ ਵੱਲੋਂ ਪੰਜਾਬੀ ਨੂੰ ਲਾਗੂ ਕਰਵਾਉਣ ਦੇ ਦਾਅਵੇ ਕੁਝ ਹੋਰ ਹੀ ਕਹਿੰਦੇ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਅਜਿਹੀ ਸਥਿਤੀ ਵਿੱਚ ਇਹ ਲਾਜ਼ਮੀ ਹੋ ਜਾਂਦਾ ਹੈ ਕਿ ਪੰਜਾਬ ਦੇ ਹਰ ਸਕੂਲ ਵਿੱਚ ਨਰਸਰੀ ਜਮਾਤ ਤੋਂ ਹੀ ਪੰਜਾਬੀ ਭਾਸ਼ਾ ਪੜ੍ਹਾਈ ਜਾਵੇ। ਬਹੁਤੇ ਸਕੂਲ ਪਹਿਲੀ ਜਮਾਤ ਤੋਂ ਪੰਜਾਬੀ ਪੜ੍ਹਾਉਂਦੇ ਹਨ, ਜੋ ਕਿ ਬੱਚਿਆਂ ਨੂੰ ਮਾਂ ਬੋਲੀ ਤੋਂ ਦੂਰ ਰੱਖਣ ਦੇ ਬਰਾਬਰ ਹੈ। ਪੰਜਾਬ ਸਰਕਾਰ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸੂਬੇ ਦੇ ਹਰ ਸਕੂਲ ਵਿੱਚ ਨਰਸਰੀ ਜਮਾਤ ਤੋਂ ਹੀ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਹੋਵੇ, ਭਾਵੇਂ ਸਕੂਲ ਕਿਸੇ ਵੀ ਬੋਰਡ ਨਾਲ ਸਬੰਧਤ ਹੋਣ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿਰਫ਼ ਸਰਕਾਰ ਹੀ ਨਹੀਂ, ਮਾਪਿਆਂ ਦੀ ਵੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਬੱਚਿਆਂ ਨੂੰ ਮੁੱਢ ਤੋਂ ਹੀ ਪੰਜਾਬੀ ਪੜ੍ਹਨ ਲਈ ਉਤਸ਼ਾਹਤ ਕਰਨ। ਬਹੁਤ ਸਾਰੇ ਮਾਪੇ ਇਹ ਸਮਝਦੇ ਹਨ ਕਿ ਅੰਗਰੇਜ਼ੀ ਦੀ ਮੁੱਢਲੀ ਸਿੱਖਿਆ ਨਾਲ ਬੱਚਾ ਇਸ ਭਾਸ਼ਾ ਵਿੱਚ ਹੋਣਹਾਰ ਬਣੇਗਾ, ਪਰ ਵਿਗਿਆਨਕ ਪੱਖੋਂ ਇਹ ਸਾਬਤ ਹੋ ਚੁੱਕਿਆ ਹੈ ਕਿ ਜਦ ਤੱਕ ਬੱਚੇ ਨੂੰ ਆਪਣੀ ਮਾਂ ਬੋਲੀ ਵਿੱਚ ਪੂਰੀ ਪਕੜ ਨਹੀਂ ਹੁੰਦੀ, ਉਹ ਕਿਸੇ ਹੋਰ ਭਾਸ਼ਾ ਵਿੱਚ ਵੀ ਨਿਪੁੰਨ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਬਾਕੀ ਭਾਸ਼ਾਵਾਂ ਦਾ ਗਿਆਨ ਹੋਣਾ ਚੰਗੀ ਗੱਲ ਹੈ ਪਰੰਤੂ ਪੰਜਾਬ ਅੰਦਰ ਬੱਚੇ ਦੀ ਸਿੱਖਿਆ ਸ਼ੁਰੂ ਹੁੰਦੇ ਹੀ ਪੰਜਾਬੀ ਪੜ੍ਹਾਉਣ ਨੂੰ ਪਹਿਲ ਹੋਣੀ ਚਾਹੀਦੀ ਹੈ। ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਸਵਾਲ ਕਰਦਿਆਂ ਕਿਹਾ ਕਿ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਗੁਰਬਾਣੀ ਗੁਰਮੁਖੀ ਵਿੱਚ ਹੈ ਅਤੇ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਗੁਰਮੁਖੀ ਪੰਜਾਬੀ ਨਹੀਂ ਪੜ੍ਹਾਉਂਦੇ ਤਾਂ ਉਹ ਗੁਰਬਾਣੀ ਨਾਲ ਕਿਵੇਂ ਜੁੜਨਗੇ। ਜਥੇਦਾਰ ਗੜਗੱਜ ਨੇ ਕਿਹਾ ਕਿ ਮਾਂ ਬੋਲੀ ਪੰਜਾਬੀ ਦੀ ਸੁਰੱਖਿਆ ਲਈ ਹਰ ਪੰਜਾਬੀ ਨੂੰ ਅੱਗੇ ਆਉਣਾ ਚਾਹੀਦਾ ਹੈ। ਪੰਜਾਬੀ ਭਾਸ਼ਾ ਦੇ ਸਾਰੇ ਕਾਰਕੁੰਨ ਇਸ ਨੂੰ ਆਪਣਾ ਸੰਕਲਪ ਬਣਾਉਣ ਅਤੇ ਆਪਣੇ ਇਲਾਕਿਆਂ ਵਿੱਚ ਜਾ ਕੇ ਦੇਖਣ ਕਿ ਕਿਹੜੇ ਸਕੂਲ ਨਰਸਰੀ ਤੋਂ ਪੰਜਾਬੀ ਨਹੀਂ ਪੜ੍ਹਾ ਰਹੇ। ਅਜਿਹੇ ਸਕੂਲਾਂ ਦੀ ਸੂਚੀ ਤਿਆਰ ਕਰਕੇ, ਇਹ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਰੱਖਿਆ ਜਾਵੇ, ਤਾਂ ਜੋ ਅੱਗੇ ਦੀ ਕਾਰਵਾਈ ਹੋ ਸਕੇ। ਉਨ੍ਹਾਂ ਕਿਹਾ ਕਿ ਪੰਜਾਬੀ ਦੀ ਹੋਂਦ 'ਤੇ ਹੋ ਰਹੇ ਹਮਲਿਆਂ ਦੇ ਖਿਲਾਫ਼, ਹਰ ਪੰਜਾਬੀ ਧੀ-ਪੁੱਤਰ ਨੂੰ ਡਟ ਕੇ ਖੜ੍ਹਨ ਦੀ ਲੋੜ ਹੈ।

## ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਪੰਜ ਮੈਂਬਰੀ ਕਮੇਟੀ ਦੀ ਭਰਤੀ ਮੁਹਿੰਮ ਨੂੰ ਮਿਲ ਰਿਹਾ ਪੰਜਾਬ ਭਰ 'ਚ ਭਰਵਾਂ ਹੁੰਗਾਰਾ : ਪੰਮਾ ਬਾਠ



ਧੂਰੀ ( ਰਣਜੀਤ ਸਿੰਘ ਪੇਧਨੀ ) ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਪੰਜ ਮੈਂਬਰੀ ਕਮੇਟੀ ਦੀ ਭਰਤੀ ਮੁਹਿੰਮ ਨੂੰ ਪੰਜਾਬ ਭਰ 'ਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਲੋਕ ਆਪ ਮੁਹਾਰੇ ਇਸ ਭਰਤੀ ਮੁਹਿੰਮ ਦਾ ਹਿੱਸਾ ਬਣਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੀਸ਼ ਝੁਕਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਸੀਨੀਅਰ ਆਗੂ, ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਪੱਕੇ ਅਕਾਲੀ ਹਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹਰੇਕ ਫੁਰਮਾਨ ਨੂੰ ਸਿਰਮੱਥੇ ਪ੍ਰਵਾਨ ਕਰਦੇ ਹਾਂ, ਜਿਸ ਲਈ ਅਸੀਂ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਅਨੁਸਾਰ ਪੰਜ ਮੈਂਬਰੀ ਕਮੇਟੀ 'ਚ ਸ਼ਾਮਲ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਦੀ ਅਗਵਾਈ 'ਚ ਜਲਦੀ ਵਿਧਾਨ ਸਭਾ ਹਲਕਾ ਧੂਰੀ 'ਚ ਅਕਾਲੀ ਦਲ ਦੀ ਭਰਤੀ ਸ਼ੁਰੂ ਕਰ ਰਹੇ ਹਾਂ । ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੈਂਬਰਸ਼ਿੱਪ ਲੈਣ ਲਈ ਵਰਕਰਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਲੋਕ ਆਪ ਮੁਹਾਰੇ ਅਕਾਲੀ ਦਲ ਦੇ ਮੈਂਬਰ ਬਣਨ ਲਈ ਤਿਆਰ ਬੈਠੇ ਹਨ। ਉਨ੍ਹਾਂ ਕਿਹਾ ਕਿ ਹਲਕਾ ਧੂਰੀ 'ਚ ਅਕਾਲੀ ਦਲ ਦੀ ਰਿਕਾਰਡਤੋੜ ਭਰਤੀ ਕਰਵਾਕੇ ਸਮੁੱਚੇ ਵਰਕਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਪੱਬਾਂ ਭਾਰ ਹੋ ਚੁੱਕੇ ਹਨ।

## ਨਸ਼ੇ ਦੀ ਸਮਗਲਿੰਗ ਕਰਨ ਵਾਲੇ ਨੂੰ ਕਿਸੇ ਵੀ ਕੀਮਤ 'ਤੇ ਬਖਸਿਆ ਨਹੀਂ ਜਾਵੇਗਾ : ਐਸ. ਐਚ. ਓ. ਤੂਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਥਾਣਾ ਸਿਟੀ ਦੇ ਮੁੱਖ ਅਫਸਰ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਚੋਣਵੇਂ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਿਲਾ ਪੁਲਿਸ ਮੁਖੀ ਦੀ ਅਗਵਾਈ ਹੇਠ ਧੂਰੀ ਸਹਿਰ ਅੰਦਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬੜੀ ਹੀ ਤੇਜ਼ੀ ਨਾਲ ਚੱਲ ਰਹੀ ਹੈ । ਜਿਸ ਵਿੱਚ ਵੱਖ ਵੱਖ ਟੀਮਾਂ ਬਣਾ ਕੇ ਸ਼ੱਕੀ ਘਰਾਂ ਦੀ ਤਲਾਸ਼ੀ ਲਈ ਜਾਂਦੀ ਹੈ ਅਤੇ ਲੋਕ ਉਹਨਾਂ ਨੂੰ ਪੂਰਾ ਸਹਿਯੋਗ ਦੇ ਰਹੇ ਹਨ। ਉਨਾਂ ਕਿਹਾ ਕਿ ਇਸ ਚੈਕਿੰਗ ਦਾ ਮੁੱਖ ਮਕਸਦ ਹੈ ਕਿ ਸਮਗਲਰਾਂ ਦੇ ਨਾਲ ਨਾਲ ਮਾੜੇ ਅਨਸਰਾਂ ਨੂੰ ਕਾਬੂ ਕਰਨਾ ਹੈ ਤਾਂ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ ।ਉਹਨਾਂ ਕਿਹਾ ਹੈ ਕਿ ਇਸ ਮਹਿਮ ਦੌਰਾਨ ਸਾਰੇ ਪੁਲਿਸ ਮੁਲਾਜ਼ਮਾਂ ਵੱਲੋਂ ਅਮਨ ਕਾਨੂੰਨ ਨੂੰ ਬਣਾਈ ਰੱਖਿਆ ਹੋਇਆ ਹੈ ਅਤੇ ਕਿਸੇ ਨਾਲ ਵੀ ਕੋਈ ਵਧੀਕੀ ਜਾ ਧੱਕਾ ਨਹੀਂ ਕੀਤਾ ਜਾਂਦਾ। ਉਹਨਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਵੇਚਣ ਜਾਂ ਖਰੀਦਣ ਲਈ ਆਉਂਦਾ ਹੈ ਤਾਂ ਇਸ ਸੰਬੰਧ ਵਿੱਚ ਤੁਰੰਤ ਪੁਲਿਸ ਕੰਟਰੋਲ ਰੂਮ ਜਾਂ ਨੇੜਲੇ ਥਾਣੇ ਨੂੰ ਸੂਚਿਤ ਕੀਤਾ ਜਾਵੇ ਪੁਲਿਸ ਵੱਲੋਂ ਉਹਨਾਂ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ। ਉਹਨਾ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਕੋਈ ਨੌਜਵਾਨ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਪੁਲਿਸ ਵੱਲੋਂ ਉਸ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ ਤਾਂ ਕਿ ਨਸ਼ਿਆਂ ਦਾ ਖਾਤਮਾ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਗੁਰੂ ਨਾਨਕ ਗੁਰਦੁਆਰਾ ਸਮੈਥਵਿਕ ਵਿਖੇ ਪੰਜਾਬੀ ਸਿੱਖਿਆ ਅਧਿਆਪਕ ਸਿਖਲਾਈ (ਯੂਕੇ) ਅਤੇ ਪ੍ਰੋਗਰੈਸਿਵ ਰਾਈਟਰਜ਼ ਐਸੋਸੀਏਸ਼ਨ ਦੁਆਰਾ**

# ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ 'ਤੇ ਵੈਸਟ ਮਿਡਲੈਂਡਜ਼ ਪੰਜਾਬੀ ਕਾਨਫਰੰਸ

**ਨਵੀਂ ਦਿੱਲੀ 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬੀ ਸਿੱਖਿਆ, ਅਧਿਆਪਕ ਸਿਖਲਾਈ (ਯੂਕੇ) ਅਤੇ ਪ੍ਰੋਗਰੈਸਿਵ ਰਾਈਟਰਜ਼ ਐਸੋਸੀਏਸ਼ਨ ਦੁਆਰਾ ਅੰਤਰਰਾਸ਼ਟਰੀ ਮਾਤ ਭਾਸ਼ਾ ਦਿਵਸ 'ਤੇ ਵੈਸਟ ਮਿਡਲੈਂਡਜ਼ ਵਲੋਂ ਯੂਕੇ ਦੇ ਗੁਰੂ ਨਾਨਕ ਗੁਰੂਦੁਆਰਾ ਸਮੈਥਵਿਕ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਵਾਏ ਗਏ। ਇਸ ਬਾਰੇ ਜਾਣਕਾਰੀ ਦੇਂਦਿਆਂ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਕੁਲਦੀਪ ਸਿੰਘ ਦਿਓਲ ਨੇ ਦਸਿਆ ਕਿ ਇਹ ਪਹਿਲਕਦਮੀ ਯੂਕੇ ਵਿੱਚ ਪੰਜਾਬੀ ਭਾਸ਼ਾ ਨੂੰ ਸੁਰੱਖਿਅਤ ਰੱਖਣ, ਉਤਸ਼ਾਹਿਤ ਕਰਨ ਅਤੇ ਮੁੜ ਸੁਰਜੀਤ ਕਰਨ ਲਈ, ਯੂਕੇ ਵਿੱਚ ਢਾਂਚਾਗਤ ਪੰਜਾਬੀ ਭਾਸ਼ਾ ਸਿੱਖਿਆ ਲਈ ਇੱਕ ਨਵਾਂ ਮਾਪਦੰਡ ਸਥਾਪਤ ਕਰਦੀ ਹੈ, ਇਹ ਯਕੀਨੀ ਬਣਾਉਂਦੀ ਹੈ ਕਿ ਨੌਜਵਾਨ ਬ੍ਰਿਟਿਸ਼ ਸਿੱਖਾਂ ਕੋਲ ਆਪਣੀ ਭਾਸ਼ਾਈ ਅਤੇ ਸੱਭਿਆਚਾਰਕ ਵਿਰਾਸਤ ਨੂੰ ਅਪਣਾਉਣ ਦੇ ਸਾਧਨ ਹਨ। ਉਨ੍ਹਾਂ ਦਸਿਆ ਕਿ ਪ੍ਰੋਗਰਾਮ ਰਾਹੀਂ ਸਟੇਜ 1 ਤੋਂ ਸਟੇਜ 4 ਤੱਕ ਇੱਕ ਢਾਂਚਾਗਤ ਸਿੱਖਲਾਈ ਮਾਰਗ ਪੇਸ਼ ਕੀਤਾ ਗਿਆ, ਜਿਸ ਨਾਲ ਵਿਦਿਆਰਥੀਆਂ ਨੂੰ ਗੁਰਮੁਖੀ, ਪੜ੍ਹਨ, ਲਿਖਣ ਅਤੇ ਬੋਲਣ ਦੀ ਰਵਾਨਗੀ ਵਿੱਚ ਇੱਕ ਮਜ਼ਬੂਤ ਨੀਂਹ ਮਿਲਦੀ ਹੈ। ਉਨ੍ਹਾਂ ਦਸਿਆ ਕਿ ਇਹ ਪਾਠਕ੍ਰਮ ਗੁਰਮੁਖੀ ਸਾਖਰਤਾ, ਇੰਟਰਐਕਟਿਵ ਸਿੱਖਣ ਦੇ ਤਰੀਕਿਆਂ ਅਤੇ ਮਾਪਿਆਂ ਦੀ ਸ਼ਮੂਲੀਅਤ ਨੂੰ ਤਰਜੀਹ ਦਿੰਦਾ ਹੈ, ਅਤੇ ਇਹ ਯਕੀਨੀ ਬਣਾਉਂਦਾ ਹੈ ਕਿ ਬੱਚੇ ਪੰਜਾਬੀ ਪੜ੍ਹਨ, ਲਿਖਣ ਅਤੇ ਬੋਲਣ ਵਿੱਚ ਰਵਾਨਗੀ ਵਿਕਸਤ ਕਰਨ ਜੋ ਉਹਨਾਂ ਦੀ ਵਿਆਪਕ ਸਿੱਖਿਆ ਨਾਲ ਸਹਿਜੇ ਹੀ ਜੁੜ ਜਾਣ। ਉਨ੍ਹਾਂ ਦਸਿਆ ਕਿ ਇਸ ਪਾਠਕ੍ਰਮ ਦੀਆਂ ਮੁੱਖ ਵਿਸ਼ੇਸ਼ਤਾਵਾਂ ਇੱਕ ਢਾਂਚਾਗਤ ਪਹੁੰਚ – ਇੱਕ ਧਿਆਨ ਨਾਲ ਕ੍ਰਮਬੱਧ ਸਿੱਖਣ ਯਾਤਰਾ, ਕਦਮ ਦਰ ਕਦਮ ਸਾਖਰਤਾ ਦਾ ਨਿਰਮਾਣ ਕਰਣਾ, ਇੰਟਰਐਕਟਿਵ ਅਤੇ ਦਿਲਚਸਪ ਸਿਖਲਾਈ – ਥੀਮੈਟਿਕ ਸਿਖਲਾਈ, ਕਹਾਣੀ ਸੁਣਾਉਣਾ, ਵਿਦਿਆਰਥੀਆਂ ਦੀ ਭਾਗੀਦਾਰੀ, ਮਾਪਿਆਂ ਦੀ ਸ਼ਮੂਲੀਅਤ – ਪਰਿਵਾਰਾਂ ਨੂੰ ਆਪਣੇ ਬੱਚਿਆਂ ਦੀ ਸਿੱਖਣ ਯਾਤਰਾ ਦਾ ਸਮਰਥਨ ਕਰਨ ਲਈ ਉਤਸ਼ਾਹਿਤ ਕਰਣ ਦੇ ਨਾਲ ਵਿਦਿਆਰਥੀਆਂ ਦੇ ਕਰੀਅਰ ਅਤੇ ਅਕਾਦਮਿਕ ਲਾਭ ਤਹਿਤ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪੇਸ਼ੇਵਰ ਜੀਵਨ ਵਿੱਚ ਪੰਜਾਬੀ ਦੀ ਵਰਤੋਂ ਕਰਨ ਲਈ ਤਿਆਰ ਕਰਨਾ ਸੀ। ਕਾਨਫਰੰਸ ਏਜੰਡੇ ਨੇ ਪਾਠਕ੍ਰਮ ਲਾਂਚ ਤੋਂ ਇਲਾਵਾ ਕਈ ਖੇਤਰਾਂ ਵਿੱਚ ਪੰਜਾਬੀ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਕਰੀਅਰ ਪੇਸ਼ੇਵਰਾਂ, ਸਿੱਖਿਆ ਮਾਹਿਰਾਂ ਅਤੇ ਭਾਈਚਾਰਕ ਆਗੂਆਂ ਨੂੰ ਇਕੱਠਾ ਕੀਤਾ। ਇਸ ਪ੍ਰੋਗਰਾਮ ਵਿਚ ਪੰਜਾਬੀ ਸਿੱਖਿਅਕਾਂ,




ਭਾਈਚਾਰਕ ਨੁਮਾਇੰਦਿਆਂ, ਅਤੇ ਸੰਸਥਾਗਤ ਭਾਈਵਾਲਾਂ ਦੇ ਨਾਲ-ਨਾਲ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਅਤੇ ਸਥਾਨਕ ਸੈਂਡਵੈੱਲ ਅਤੇ ਬਰਮਿੰਘਮ ਕੌਂਸਲਰਾਂ ਨੇ ਸਕੂਲ ਅਤੇ ਭਾਈਚਾਰਕ ਸੈਟਿੰਗਾਂ ਵਿੱਚ ਪੰਜਾਬੀ ਭਾਸ਼ਾ ਦੀ ਸਿੱਖਿਆ ਨੂੰ ਸ਼ਾਮਲ ਕਰਨ ਲਈ ਲੰਬੇ ਸਮੇਂ ਦੇ ਪ੍ਰਭਾਵ ਨੂੰ ਸੁਰੱਖਿਅਤ ਕਰਨ ਲਈ ਪੰਜਾਬੀ ਭਾਸ਼ਾ ਦੀ ਪਹੁੰਚ, ਅਧਿਆਪਕ ਸਿਖਲਾਈ, ਅਤੇ ਫੰਡਿੰਗ ਪਹਿਲਕਦਮੀਆਂ ਨੂੰ ਵਧਾਉਣ ਲਈ ਠੋਸ ਵਚਨਬੱਧਤਾਵਾਂ ਦੀ ਰੂਪਰੇਖਾ ਦਿੱਤੀ। ਪ੍ਰੋਗਰਾਮ ਦੇ ਅੰਤ ਵਿਚ ਭਾਈ ਕੁਲਦੀਪ ਸਿੰਘ ਦਿਓਲ ਵਲੋਂ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ, ਸਥਾਨਕ ਸੈਂਡਵੈੱਲ ਅਤੇ ਬਰਮਿੰਘਮ ਕੌਂਸਲਰਾਂ ਅਤੇ ਪੰਜਾਬੀ ਸਿੱਖਿਆ ਅਤੇ ਅਧਿਆਪਕ ਸਿਖਲਾਈ (ਯੂਕੇ) ਦੀ ਪ੍ਰਬੰਧਕ ਕਮੇਟੀ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਮੈਂਬਰ ਡਾ: ਜਗਤ ਸਿੰਘ ਨਾਗਰਾ, ਗੁਰਜੀਤ ਸਿੰਘ ਗਿੱਲ, ਡਾ: ਮਹਿੰਦਰ ਸਿੰਘ ਗਿੱਲ, ਨਿਰਮਲ ਸਿੰਘ ਕੰਧਾਲਵੀ ਅਤੇ ਸ਼ਰਨਜੀਤ ਕੌਰ ਢੇਸੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਬਦੌਲਤ ਇਹ ਪ੍ਰੋਗਰਾਮ ਸਫਲਤਾ ਨਾਲ ਸੰਪਨ ਹੋਇਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**ਰਾਜੌਰੀ ਗਾਰਡਨ ਗੁਰਦੁਆਰਾ ਸਿੰਘ ਸਭਾ ਵਿਖੇ**

# ਬੱਚਿਆਂ ਦਾ ਗੁਰਬਾਣੀ ਕੰਠ ਗਾਇਨ ਮੁਕਾਬਲਾ



**ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**: ਪੱਛਮੀ ਦਿੱਲੀ ਦੇ ਗੁਰਦੁਆਰਾ ਸਿੰਘ ਸਭਾ ਰਾਜੌਰੀ ਗਾਰਡਨ ਵਿਖੇ ਬੱਚਿਆਂ ਦਾ ਗੁਰਬਾਣੀ ਗਾਇਨ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਛੋਟੇ ਬੱਚਿਆਂ ਨੇ ਸੁਖਮਨੀ ਸਾਹਿਬ ਅਤੇ ਹੋਰ ਬਾਣੀਆਂ ਨੂੰ ਕੰਠ ਕਰਕੇ ਸੁਣਾਇਆ ਅਤੇ ਪਾਠ ਕੀਤਾ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਨੇ ਦੱਸਿਆ ਕਿ ਇਹ ਪ੍ਰੋਗਰਾਮ ਧਰਮ ਪ੍ਰਚਾਰ ਮੁਖੀ ਦਲੀਪ ਸਿੰਘ ਸੇਠੀ, ਬੀਬੀ ਸਤਨਾਮ ਕੌਰ, ਸਤਿੰਦਰ ਕੌਰ ਦੇ ਵਿਸ਼ੇਸ਼ ਯਤਨਾਂ ਨਾਲ ਕਰਵਾਇਆ ਗਿਆ ਸੀ, ਜਿਸ ਵਿੱਚ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰਬੰਧਕਾਂ ਨੇ ਬੱਚਿਆਂ ਨੂੰ ਨਕਦ ਇਨਾਮ ਅਤੇ ਹੋਰ ਇਨਾਮ ਦੇ ਕੇ ਉਤਸ਼ਾਹਿਤ ਕੀਤਾ। ਸਰਦਾਰ ਦਲੀਪ ਸਿੰਘ ਸੇਠੀ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਚ ਬੱਚਿਆਂ ਲਈ ਨਿਤਨੇਮ ਅਤੇ ਗੁਰਬਾਣੀ ਗਾਇਨ ਦੀਆਂ ਕਲਾਸਾਂ ਲਗਾਤਾਰ ਚਲਾਈਆਂ ਜਾਂਦੀਆਂ ਹਨ ਜਿਸ ਵਿੱਚ ਬੱਚੇ ਗੁਰਬਾਣੀ ਪਾਠ, ਅਰਦਾਸ, ਸ਼ਬਦ ਕੀਰਤਨ ਆਦਿ ਸਿੱਖਦੇ ਹਨ ਅਤੇ ਸਮੇਂ-ਸਮੇਂ 'ਤੇ ਉਨ੍ਹਾਂ ਦੇ ਗੁਰਬਾਣੀ ਗਾਇਨ ਮੁਕਾਬਲੇ ਕਰਵਾਏ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗਹਿਰੀ ਦੇਵੀ ਨਗਰ ਸਕੂਲ ਦੀ ਦਾਖਲਾ ਮੁਹਿੰਮ ਵਿੱਚ ਜਿਲਾ ਸਿੱਖਿਆ ਅਫਸਰ ਬਠਿੰਡਾ ਨੇ ਕੀਤੀ ਸ਼ਮੂਲੀਅਤ



ਬਠਿੰਡਾ, 01 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਹਰ ਸਾਲ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਹਰ ਸੰਭਵ ਉਪਰਾਲਾ ਕਰਦਾ ਹੈ ਤੇ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾ ਕੇ ਸਰਕਾਰੀ ਸਕੂਲਾਂ ਵਿੱਚ ਮਿਲਦੀਆਂ ਸਹੂਲਤਾਂ ਤੋਂ ਸਮਾਜ ਨੂੰ ਜਾਣੂ ਕਰਵਾਉਣ ਸੰਬੰਧੀ ਜਾਗਰੂਕ ਕਰਦੀ ਰਹਿੰਦੀ ਹੈ, ਤਾਂ ਕਿ ਜਨਤਾ ਨੂੰ ਇਹਨਾਂ ਸਹੂਲਤਾਂ ਸਬੰਧੀ ਜਾਣਕਾਰੀ ਮਿਲ ਸਕੇ। ਇਸੇ ਲੜੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਦੇਵੀ ਨਗਰ ਦੇਵੀ ਨਗਰ ਜਿਲਾ ਬਠਿੰਡਾ ਦੇ ਪ੍ਰਿੰਸੀਪਲ ਮੈਡਮ ਲਵਲੀਨ ਕੌਰ ਦੀ ਅਗਵਾਈ ਵਿੱਚ ਸਰਕਾਰੀ ਸਕੂਲਾਂ ਵਿੱਚ ਚੱਲ ਰਹੀ ਦਾਖਲਾ ਮੁਹਿੰਮ ਨੂੰ ਉਸ ਸਮੇਂ ਬਹੁਤ ਵੱਡਾ ਹੁੰਗਾਰਾ ਮਿਲਿਆ ਜਦ ਜਿਲ੍ਹਾ ਸਿੱਖਿਆ ਅਫਸਰ ਬਠਿੰਡਾ ਸ੍ਰੀਮਤੀ ਮਨਿੰਦਰ ਕੌਰ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਦੇਵੀ ਨਗਰ ਵਿਖੇ ਦਾਖਲਾ ਮੁਹਿੰਮ ਵਿੱਚ ਸ਼ਿਰਕਤ ਕੀਤੀ। ਜਿਲ੍ਹਾ ਸਿੱਖਿਆ ਅਫਸਰ ਨੇ ਵਿਦਿਆਰਥੀਆਂ ਮਾਪਿਆਂ, ਅਧਿਆਪਕਾਂ, ਪਿੰਡ ਦੇ ਮੋਹਤਬਰ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਸਬੰਧੀ ਵਿਸਥਾਰ ਵਿੱਚ ਦੱਸਿਆ ਅਤੇ ਵੱਧ ਤੋਂ ਵੱਧ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਬੇਨਤੀ ਕੀਤੀ। ਇਸ ਸਮੇਂ ਉਹਨਾਂ ਨੇ ਸਕੂਲ ਦੇ ਸਲਾਨਾ ਕੈਲੰਡਰ ਅਤੇ ਸਕੂਲ ਮੈਗਜ਼ੀਨ ਵੱਧਦੀਆਂ ਵੇਲਾਂ ਦਾ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਵੀ ਕੀਤਾ। ਉਹਨਾਂ ਐਨ.ਐਮ.ਐਮ.ਐਸ. ਵਿੱਚ ਸਲੈਕਟ ਹੋਣ ਵਾਲੇ ਵਿਦਿਆਰਥੀਆਂ ਨੂੰ ਵੀ ਵਧਾਈ ਦਿੱਤੀ। ਜ਼ਿਲ੍ਹਾ ਸਿੱਖਿਆ ਅਫਸਰ ਨੇ ਅਧਿਆਪਕਾਂ ਨੂੰ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਵੀ ਪ੍ਰੇਰਿਤ ਕੀਤਾ ਤੇ ਮਾਪਿਆਂ, ਮੋਹਤਵਰ ਸ਼ਖਸੀਅਤਾਂ ਅਤੇ ਵਿਦਿਆਰਥੀਆਂ ਨੂੰ ਵੀ ਸੰਬੋਧਨ ਕੀਤਾ। ਅਖੀਰ ਵਿੱਚ ਸਕੂਲ ਪ੍ਰਿੰਸੀਪਲ ਸ੍ਰੀਮਤੀ ਲਵਲੀਨ ਕੌਰ ਨੇ ਉਹਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਮੂਹ ਸਟਾਫ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਲਈ ਹਰ ਸੰਭਵ ਯਤਨ ਕਰੇਗਾ। ਇਸ ਸਮੇਂ ਵਿਦਿਆਰਥੀ, ਮਾਪੇ, ਪਿੰਡ ਵਾਸੀ, ਸਕੂਲ ਦਾਖਲਾ ਮੁਹਿੰਮ ਦੇ ਟੀਮ ਦੇ ਮੈਂਬਰ ਅਧਿਆਪਕ ਸ਼੍ਰੀ ਮੋਤੀ ਰਾਮ, ਸ੍ਰੀਮਤੀ ਰਣਦੀਪ ਕੌਰ, ਤੇਜਿੰਦਰ ਕੌਰ, ਅਮਨਦੀਪ ਕੌਰ ਤੇ ਮੈਡਮ ਕੁਸ਼ਨ ਬਾਂਸਲ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭੋਜੋਵਾਲੀ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਲਾਇਆ ਕਿਸਾਨ ਸਿਖਲਾਈ ਕੈਂਪ




**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਖੇਤੀਬਾੜੀ ਅਫਸਰ ਧਰਮਿੰਦਰਜੀਤ ਸਿੰਘ ਦੇ ਦਿਸਾ ਨਿਰਦੇਸਾ ਅਤੇ ਡਾਕਟਰ ਅਮਨਦੀਪ ਕੌਰ ਖੇਤੀਬਾੜੀ ਅਫਸਰ ਧੂਰੀ ਦੀ ਯੋਗ ਅਗਵਾਈ ਵਿੱਚ ਬਲਾਕ ਧੂਰੀ ਦੇ ਪਿੰਡ ਭੋਜੋਵਾਲੀ ਵਿਖੇ ਸਾਉਣੀ ਦੀਆਂ ਫਸਲਾਂ ਸਬੰਧੀ ਕਿਸਾਨ ਗਿਣਤੀ ਕਿਸਾਨਾਂ ਨੇ ਭਾਗ ਲਿਆ। ਇਸ ਮੌਕੇ ਸਰਬਜੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਫਸਲੀ ਭਵਿੰਨਤਾ ਅਪਣਾਉਣ ਦਾ ਸੱਦਾ ਦਿੱਤਾ। ਉਨਾ ਕਿਹਾ ਕਿ ਕਿਸਾਨਾਂ ਨੂੰ ਕਣਕ ਤੇ ਬੇਲੋੜੀਆਂ ਸਪਰੇਹਾਂ ਕਰਨ ਤੋਂ ਗਰੇਜ ਕਰਨ ਦੀ ਅਪੀਲ ਵੀ ਕੀਤੀ ਅਤੇ ਆਧੁਨਿਕ ਮਸ਼ੀਨਰੀ ਸਬੰਧੀ ਕਿਸਾਨਾਂ ਨਾਲ ਵਿਚਾਰ ਵੀ ਸਾਂਝੇ ਕੀਤੇ ਇਸ ਮੌਕੇ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਮੈਡਮ ਮਨਪ੍ਰੀਤ ਕੌਰ ਖੇਤੀਬਾੜੀ ਉਪ ਨਿਰੀਖਕ, ਏ,ਟੀ,ਐਮ, ਮੱਖਣ ਸਿੰਘ, ਏ,ਟੀ,ਐਮ, ਹਰਜੀਤ ਸਿੰਘ ਅਤੇ ਜਗਰਾਜ ਸਿੰਘ ਬੇਲਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਈਦ-ਉਲ-ਫਿਤਰ ਦੀ ਨਮਾਜ਼ ਨਾਲ ਇਨਸਾਨੀਅਤ ਅਤੇ ਹਮਦਰਦੀ ਦਾ ਸੁਨੇਹਾ: ਕਾਲਾਬੂਲਾ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਰਮਜ਼ਨ ਦੇ ਮਹੀਨੇ ਤੋਂ ਬਾਅਦ ਈਦ ਦਾ ਤਿਉਹਾਰ ਪੂਰੀ ਦੁਨੀਆ ਵਿੱਚ ਬੜੀ ਹੀ ਸਰਧਾਂ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਈਦ ਦੇ ਪਵਿੱਤਰ ਤਿਉਹਾਰ 'ਤੇ ਮੁਬਾਰਕਵਾਦ ਦੇਣ ਲਈ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲ੍ਹਾ ਸੰਗਰੂਰ ਦੇ ਸੀਨੀਅਰ ਮੀਤ ਪ੍ਰਧਾਨ ਸ, ਨਰਿੰਦਰ ਸਿੰਘ ਕਾਲਾਬੂਲਾ ਨੇ ਕਿਹਾ ਕਿ ਈਦ ਅਮਨ ਹਮਦਰਦੀ, ਗਰੀਬਾਂ ਦੀ ਸੇਵਾ ਅਤੇ ਇਨਸਾਨੀਅਤ ਪ੍ਰਤੀ ਪਿਆਰ ਗੁਣਾਂ ਨੂੰ ਉਤਸਾਹਿਤ ਕਰਦੀ ਹੈ, ਜੋ ਸਾਨੂੰ ਰਮਜ਼ਾਨ ਦੀਆਂ ਸਿੱਖਿਆਵਾਂ ਤੋਂ ਮਿਲਦੇ ਹਨ। ਉਨ੍ਹਾਂ ਕਿਹਾ ਕਿ ਰਮਜ਼ਾਨ ਦੌਰਾਨ ਮਿਲੀਆਂ ਸਿੱਖਿਆਵਾਂ ਅਤੇ ਪ੍ਰੇਮਤਾਂ ਨੂੰ ਸਾਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣਾ ਚਾਹੀਦਾ ਹੈ। ਈਦ ਦਾ ਦਿਨ ਇਨ੍ਹਾਂ ਬਰਕਤਾ ਪ੍ਰਤੀ ਸ਼ੁਕਰਗੁਜ਼ਾਰੀ ਜ਼ਾਹਰ ਕਰਨ ਦਾ ਮੌਕਾ ਹੈ, ਜੋ ਸਾਡੀ ਜ਼ਿੰਦਗੀ ਨੂੰ ਬੇਸ਼ੁਮਾਰ ਖੁਸ਼ੀਆਂ ਨਾਲ ਭਰ ਦਿੰਦੀਆਂ ਹਨ। ਇਸਲਾਮ ਦੀਆਂ ਸਿੱਖਿਆਵਾਂ 'ਤੇ ਚਾਨਣਾ ਪਾਉਂਦਿਆਂ ਦੇਖ ਮੋਨਾਨ ਨੇ ਕਿਹਾ ਕਿ ਇਸ ਵਿੱਚ ਅੱਲ੍ਹਾ ਦੇ ਹੱਕਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਉਸ ਦੀ ਸ੍ਰਿਸ਼ਟੀ ਦੀ ਸੇਵਾ ਕਰਨ ਦਾ ਵੀ ਹੁਕਮ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਅਜੈਬ ਸਿੰਘ ਜੀ ਦੀ

# ਬਰਸੀਂ ਗੁਰਦੁਆਰਾ ਟਾਹਲੀ ਸਾਹਿਬ ਵਿਖੇ ਮਨਾਈ



**ਚੌਂਕ ਮਹਿਤਾ, 1 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਟਾਹਲੀ ਸਾਹਿਬ ਵਿਖੇ ਸੰਤ ਬਾਬਾ ਸਰਦਾਰਾਂ ਸਿੰਘ ਜੀ ਦੀ ਅਗਵਾਈ ਹੇਠ ਸਚਖੰਡ ਵਾਸੀ ਸੰਤ ਬਾਬਾ ਅਜੈਬ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਪਹਿਲੀ ਬਰਸੀਂ ਅਤੇ ਸ੍ਰੀ ਮਾਨ ਸੰਤ ਬਾਬਾ ਹਜਾਰਾਂ ਸਿੰਘ ਜੀ, ਸੰਤ ਬਾਬਾ ਨਿਰੰਜਣ ਸਿੰਘ, ਸੰਤ ਬਾਬਾ ਕਸ਼ਮੀਰ ਸਿੰਘ ਜੀ ਯਾਦ ਵਿੱਚ ਗੁਰਦੁਆਰਾ ਟਾਹਲੀ ਸਾਹਿਬ ਵਿੱਖੇ ਬੜੀ ਸਰਧਾ ਭਾਵਨਾ ਨਾਲ ਮਨਾਈ , ਜਿਸ ਵਿੱਚ ਰਾਗੀ, ਢਾਡੀ, ਕਵੀਸਰੀ ਜਥੇ ਗੁਰਮੱਤ ਵਿਚਾਰ ਦੀ ਸਂਝ ਪਾਈ, ਅਤੇ ਸੰਤ ਮਹਾਪੁਰਖ, ਨਿਹੰਗ ਸਿੰਘ, ਸਮਾਜ ਸੇਵੀ ਅਤੇ ਦੇਸ ਵਿਦੇਸ ਦੀਆਂ ਸੰਗਤਾਂ ਹਾਜਰੀਆ ਭਰੀਆਂ ਸੰਤ ਬਾਬਾ ਸਰਦਾਰਾਂ ਸਿੰਘ ਜੀ ਅਤੇ ਜਥੇਦਾਰ ਸੰਤ ਬਾਬਾ ਮੇਜਰ ਸਿੰਘ ਜੀ ਟਾਹਲੀ ਸਾਹਿਬ ਵਾਲਿਆਂ ਨੇ ਆਏ ਹੋਏ ਸੰਤਾ, ਮਹਾਪੁਰਸ਼ਾਂ ਨੂੰ ਸਿਰਪਾਉ ਅਤੇ ਦੋਸਾਲੇ ਦੇਕੇ ਨਿਆਵਜਿਆ ਗਿਆ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਬੋਪਾਰਾਏ, ਸੰਤ ਬਾਬਾ ਕਵਲਜੀਤ ਸਿੰਘ ਨਾਗੀਅਨ ਸਾਹਿਬ ਵਾਲੇ, ਭਾਈ ਨੀਸਾਨ ਸਿੰਘ, ਆਦਿ ਸੰਤਾ ਮਹਾਪੁਰਸ਼ਾਂ ਨੇ ਹਾਜਰੀਆ ਭਰੀਆਂ।

## ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ

# ਸਾਇੰਸ ਓਲੰਪੀਆਰਡ ਵਿੱਚ ਸ਼ਾਨਦਾਰ ਗੋਲਡ ਮੈਡਲ ਹਾਸਲ ਕੀਤੇ



ਜੰਡਿਆਲਾ ਗੁਰੂ 1 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ) ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਸਾਇੰਸ ਓਲੰਪੀਆਡ ਫੈਡਰੇਸ਼ਨ ਵੱਲੋਂ ਕਰਵਾਏ ਗਏ ਮੁਕਾਬਲਿਆਂ ਵਿੱਚ ਸ਼ਾਨਦਾਰ ਗੋਲਡ ਮੈਡਲ ਹਾਸਲ ਕੀਤੇ।

**ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਇਹਨਾਂ ਮੁਕਾਬਲਾ ਵਿੱਚ ਹਿੱਸਾ ਲੈਣਾ ਚਾਹੀਦਾ -ਡਾਕਟਰ ਮੰਗਲ ਸਿੰਘ ਕਿਸ਼ਨਪੁਰੀ**

ਕਿਸੇ ਵੀ ਮੰਜ਼ਿਲ ਨੂੰ ਪ੍ਰਾਪਤ ਕਰਨ ਲਈ ਉਸ ਦੀਆਂ ਨੀਹਾਂ ਦਾ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਹੈ ਇਸੇ ਤਹਿਤ ਸੇਂਟ ਸੋਲਜਰ ਦੇ ਵਿਦਿਆਰਥੀ ਇਹਨਾਂ ਮੁਕਾਬਲਿਆਂ ਵਿੱਚ ਲਗਾਤਾਰ ਹਿੱਸਾ ਲੈਂਦੇ ਰਹਿੰਦੇ ਹਨ। ਓਲੰਪੀਆਡ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਵਿਦਿਆਰਥੀ ਦੀ ਸਿੱਖਿਆ ਦਾ ਇੱਕ ਮਹੱਤਵਪੂਰਨ ਪਹਿਲੂ ਹੈ। ਜਿਸ ਨਾਲ ਵਿਦਿਆਰਥੀ ਖਾਸ ਵਿਸ਼ਿਆਂ ਵਿੱਚ ਮਹੱਤਵਪੂਰਨ ਮੁਹਾਰਤ ਹਾਸਲ ਕਰਦੇ ਹਨ।ਸੇਂਟ ਸੋਲਜਰ ਸਕੂਲ ਵੱਲੋਂ ਆਪਣੇ ਵਿਦਿਆਰਥੀਆਂ ਦੀ ਗੁਣਾਤਮਕ ਸਿੱਖਿਆ ਦੇ ਲਈ ਲਗਾਤਾਰ ਉਹਨਾਂ ਨੂੰ ਓਲੰਪੀਆਡ ਟੈਸਟ ਦੇ ਵਿੱਚ ਹਿੱਸਾ ਲੈਣ ਲਈ ਪ੍ਰੇਰਤ ਕੀਤਾ ਜਾਂਦਾ ਹੈ। ਇਸੇ ਲੜੀ ਤਹਿਤ ਸੈਂਟ ਸੋਲਜਰ ਦੇ ਵਿਦਿਆਰਥੀਆਂ ਨੇ ਸਾਇੰਸ ਓਲੰਪੀਆਡ ਫੈਡਰੇਸ਼ਨ ਵੱਲੋਂ ਕਰਵਾਏ ਗਏ ਮੁਕਾਬਲਿਆਂ ਵਿੱਚ ਵੱਧ ਚੜ ਕੇ ਹਿੱਸਾ ਲਿਆ ਅਤੇ ਸ਼ਾਨਦਾਰ ਗੋਲਡ ਮੈਡਲ ਹਾਸਲ ਕੀਤੇ। ਜਿੰਨਾ ਵਿਚ ਇਬਾਦਤ ਕੌਰ ਨੇ ਜੋਨਲ ਵਿੱਚੋਂ ਟੋਪ ਕਰਕੇ ਗੋਲਡ ਮੈਡਲ ਹਾਸਲ ਕੀਤਾ ।ਇਸੇ ਤਰ੍ਹਾਂ ਏਕਮ ਪ੍ਰੀਤ ਕੌਰ ਨੇ ਜੋਨਲ ਵਿੱਚੋਂ ਟੋਪ ਰਹਿ ਕੇ ਗੋਲਡ ਮੈਡਲ ਹਾਸਲ ਕੀਤਾ । ਇਸੇ ਤਰ੍ਹਾਂ ਚਰਨਜੀਤ ਸਿੰਘ ਗੋਲਡ ਮੈਡਲ ਦਰਿਤੀਜੈਨ ਗੋਲਡ ਮੈਡਲ, ਉਦੇ ਵੀਰ ਸਿੰਘ ਗੋਲਡ ਮੈਡਲ, ਏਕਮਜੀਤ ਸਿੰਘ ਗੋਲਡ ਮੈਡਲ, ਸਨਵੀਰ ਕੌਰ ਗੋਲਡ ਮੈਡਲ, ਖੁਸ਼ਪ੍ਰੀਤ ਸਿੰਘ ਗੋਲਡ ਮੈਡਲ ,ਅਭਿਰਾਜ ਸਿੰਘ ਗੋਲਡ ਮੈਡਲ, ਦਿਲ ਸਹਜ ਸਿੰਘ ਗੋਲਡ ਮੈਡਲ, ਗੁਰਸ਼ਰਨ ਸਿੰਘ ਗੋਲਡ ਮੈਡਲ, ਨਵਰੂਪ ਸਿੰਘ ਗੋਲਡ ਮੈਡਲ ਅਤੇ ਜੈਸਮੀਨ ਕੌਰ ਨੇ ਵੀ ਗੋਲਡ ਮੈਡਲ ਹਾਸਲ ਕੀਤਾ ।ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਇਹਨਾਂ ਮੁਕਾਬਲਾ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਹ ਮੁਕਾਬਲੇ ਵਿਦਿਆਰਥੀਆਂ ਨੂੰ ਉਹਨਾਂ ਦੇ ਚੁਣੇ ਹੋਏ ਵਿਸ਼ਿਆਂ ਦੇ ਵਿੱਚ ਡੂੰਘਾਈ ਨਾਲ ਜਾਣ ਦਾ ਮੌਕਾ ਪ੍ਰਦਾਨ ਕਰਦੇ ਹਨ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਮਰਪ੍ਰੀਤ ਕੌਰ ਜੀ ਨੇ ਮੈਡਲ ਜਿੱਤਣ ਵਾਲੇ ਵਿਦਿਆਰਥੀਆਂ ਨੂੰ ਸ਼ਾਬਾਸ਼ੀ ਦਿੱਤੀ ਅਤੇ ਇਸੇ ਤਰ੍ਹਾਂ ਹੋਰ ਜਿਆਦਾ ਮਿਹਨਤ ਕਰਨ ਲਈ ਪ੍ਰੇਰਿਆ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਤੇ ਬੱਚੇ ਹਾਜ਼ਰ ਸਨ।

# ਈਦ ਦਾ ਤਿਉਹਾਰ ਪੂਰੀ ਦੁਨੀਆ ਵਿੱਚ ਭਾਈਚਾਰਕ ਸਾਂਝ ਨੂੰ ਵਧਾਉਦਾ ਹੈ : ਜੱਸੀ ਸੇਖੋਂ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਈਦ ਦਾ ਤਿਉਹਾਰ ਰਮਜ਼ਨ ਮਹੀਨੇ ਤੋ ਬਾਅਦ ਪੂਰੀ ਦੁਨੀਆ ਵਿੱਚ ਸਰਧਾ ਭਾਵਨਾ ਨਾਲ ਮਨਾਇਆ ਜਾਦਾ ਹੈ । ਇਸੇ ਹੀ ਤਰ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਘਨੌਰੀ ਕਲਾਂ ਵਿਖੇ ਈਦ ਦਾ ਪਵਿੱਤਰ ਤਿਉਹਾਰ ਮੁਸਲਿਮ ਭਰਾਵਾਂ ਵੱਲੋਂ ਮਸਜਿਦ ਵਿਚ ਨਵਾਜ਼ ਅਦਾ ਕਰਕੇ ਮਨਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਜਸਵੀਰ ਸਿੰਘ ਜੱਸੀ ਸੇਖੋਂ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੱਸੀ ਸੇਖੋਂ ਨੇ ਕਿਹਾ ਕਿ ਈਦ ਦਾ ਤਿਉਹਾਰ ਪੂਰੀ ਦੁਨੀਆ ਵਿੱਚ ਆਪਸੀ ਭਾਈਚਾਰਕ ਸਾਂਝ ਨੂੰ ਵਧਾਉਣ ਲਈ ਮਨਾਇਆ ਜਾਂਦਾ ਹੈ। ਇਸ ਤਿਉਹਾਰ ਤੋਂ ਸਾਨੂੰ ਸਿੱਖਿਆ ਲੈਣੀ ਚਾਹੀਦੀ ਹੈ, ਸਾਨੂੰ ਹਰ ਇੱਕ ਨਾਲ ਇੱਜਤ ਇਤਫਾਕ ਨਾਲ ਪੇਸ ਆਉਣਾ ਚਾਹੀਦਾ ਹੈ, ਨਫਰਤ ਦਾ ਤਿਆਗ ਕਰਕੇ ਭਾਈਚਾਰਕ ਸਾਂਝ ਨੂੰ ਵਧਾਉਣਾ ਚਾਹੀਦਾ ਹੈ।

# ਬਲਾਕ ਸੰਮਤੀ , ਜ਼ਿਲਾ ਪ੍ਰੀਸ਼ਦ ਚੋਣਾਂ ਵਿੱਚ ਆਪ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ : ਨੰਬਰਦਾਰ ਰਾਜਿੰਦਰ ਸਿੰਘ ਪੇਧਨੀ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਦੇ ਹੇਠ ਜਿਵੇਂ ਕਿ ਪਹਿਲਾਂ ਪੰਜਾਬ ਵਿੱਚ ਹੋਈਆਂ ਚਾਰ ਵਿਧਾਨ ਸਭਾ ਦੀਆਂ ਜਿਮਨੀ ਚੋਣਾਂ ਵਿੱਚੋਂ ਤਿੰਨ ਤੇ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕੀਤੀ, ਬਾਅਦ ਵਿੱਚ ਫਿਰ ਪੰਚਾਇਤੀ ਚੋਣਾਂ ਦੇ ਵਿੱਚ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕੀਤੀ,



ਇਸੇ ਹੀ ਤਰ੍ਹਾਂ ਹੁਣ ਆ ਰਹੀ ਆ ਬਲਾਕ ਸੰਮਤੀ ਅਤੇ ਜ਼ਿਲਾ ਪ੍ਰੀਸ਼ਦ ਚੋਣਾਂ ਵਿੱਚ ਆਪ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਇਤਿਹਾਸ ਰਚਣਗੇ ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨੰਬਰਦਾਰ ਰਾਜਿੰਦਰ ਸਿੰਘ ਪੇਧਨੀ ਪ੍ਰਮੁੱਖ ਉਮੀਦਵਾਰ ਜ਼ਿਲਾ ਪ੍ਰੀਸ਼ਦ ਜੋਨ ਬੇਨੜਾ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੇ ਦਫਤਰ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਦਿਨ ਰਾਤ ਮਿਹਨਤ ਸਦਕਾ ਹਲਕੇ ਦੇ ਵਿੱਚ ਜਾ ਕੇ ਹਰ ਪਿੰਡਾਂ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈ ਰਹੇ ਹਨ ਉਹਨਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਹਲਕੇ ਦੇ ਜਿੰਨੇ ਵੀ ਬਲਾਕ ਸੰਮਤੀ ਅਤੇ ਜ਼ਿਲਾ ਪ੍ਰੀਸ਼ਦ ਜੋਨ ਹਨ ਉਹਨਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਰ ਜਾਣ ਨਾਲ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ ਸਰਪੰਚ ਗੋਗਾ ਦੁਗਨੀ, ਸਰਪੰਚ ਜਗਜੀਤ ਸਿੰਘ ਕਲੇਰਾਂ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਅਮਨਦੀਪ ਸਿੰਘ ਘਨੌਰ ਖੁਰਦ, ਸਰਪੰਚ ਰਾਜ ਸਿੰਘ ਮਾਨਵਾਲਾ, ਸਰਪੰਚ ਡਾ ਅਮਨ ਜਾਤੀਮਾਜਰਾ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਦਿਲਰਾਜ ਦੋਰਾਹਾ, ਗੋਲਡੀ ਗੋਬਿੰਦਗੜ੍ਹ, ਉੱਘੇ ਸਮਾਜ ਸੇਵੀ ਲਾਭ ਸਿੰਘ ਪੁੰਨਾਵਾਲ, ਸਰਪੰਚ ਮੱਖਣ ਸਿੰਘ ਪੇਧਨੀ, ਸਾਬਕਾ ਸਰਪੰਚ ਮਨਜੀਤ ਸਿੰਘ ਸੰਧੂ ਹਾਜਰ ਸਨ।

# ਖਾਲਸਾ ਕਾਲਜ ਨਵ ਨਿਯੁਕਤ ਪ੍ਰਿੰਸੀਪਲ ਸ ਆਤਮਾ ਸਿੰਘ ਰੰਧਾਵਾ ਆਪਣੇ ਜੱਦੀ ਪਿੰਡ ਭੋਏਵਾਲ ਪਾਉਚਣ ਤੇ ਕੀਤਾ ਨਿੱਘਾ ਸੁਆਗਤ



**ਚੌਂਕ ਮਹਿਤਾ, 1 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੰਡ ਭੋਏਵਾਲ ਦੇ ਜੰਮਪਲ ਸ, ਆਤਮਾ ਸਿੰਘ ਰੰਧਾਵਾ ਨੇ ਇਲਾਕੇ ਦਾ ਨਾਮ ਰੋਸਨ ਕੀਤਾ। ਉਹ ਖਾਲਸਾ ਕਾਲਜ ਸ੍ਰੀ ਅਮਿੰਰਤਸਰ ਦੇ ਨਵ ਨਿਯੁਕਤ ਪ੍ਰਿੰਸੀਪਲ ਬਣੇ। ਜਦੋ ਉਹ ਆਪਣੇ ਪਿੰਡ ਭੋਏਵਾਲ ਆਪਣੇ ਪਰਿਵਾਰ ਸਮੇਤ ਪਾਉਚੇ ਦਾ ਪਿੰਡ ਨੇ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ। ਸਿਰਪਾਉ, ਦੋਸਾਲੇ ਫੁੱਲਾਂ ਦੇ ਹਾਰ ਪਾਕੇ ਅਤੇ ਫੁੱਲਾ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ। ਉਨ੍ਹਾਂ ਜੀ ਆਇਆਂ ਆਖਿਆ, ਪ੍ਰਿੰਸੀਪਲ ਆਤਮਾ ਸਿੰਘ ਪਹਿਲਾਂ ਫੁੱਟਵਾਲ ਦੇ ਬਹੁਤ ਚੰਗੇ ਖਿਡਾਰੀ ਰਹੇ। ਨਾਲ ਨਾਲ ਉਨ੍ਹਾਂ ਨੇ ਬਹੁਤ ਉਚ ਕੋਟੀ ਦੀ ਵਿਦਿਆ ਦੀ ਪੜਾਈ ਕੀਤੀ।ਸ, ਆਤਮਾ ਸਿੰਘ ਰੰਧਾਵਾ ਨੇ ਕਿਹਾ ਕਿ ਨੋਜਵਾਨ ਨਸਿਆ ਦਾ ਤਿਆਗ ਕਰਕੇ ਵੱਧ ਤੋਂ ਵੱਧ ਪੜਾਈ ਵੱਲ ਧਿਆਨ ਦੇਣ ਅਤੇ ਉਨ੍ਹਾਂ ਨਾਲ ਖੇਡਾ ਵੱਲ ਧਿਆਨ ਦੇਣ। ਆਪਣੇ ਨਗਰ ਦਾ ਨਾਮ ਰੋਸਨ ਕਰਨ ਇਸ ਮੌਕੇ ਤੇ ਸਰਪੰਚ ਸੁਰਜੀਤ ਸਿੰਘ, ਸਹਾਰਾ ਬਿਰਧ ਆਸਰਮ ਭੋਏਵਾਲ ਦੇ ਮੁੱਖੀ ਹਰਪ੍ਰੀਤ ਸਿੰਘ ਪ੍ਰਧਾਨ ਮੇਜਰ ਸਿੰਘ, ਬਲਵਿੰਦਰ ਸਿੰਘ, ਸਾਮੂ ਮੈਬਰ, ਹਰਜੀਤ ਸਿੰਘ, ਅਤੇ ਨਗਰ ਪੰਚਾਇਤ, ਸਮੂਹ ਨਗਰ ਨਿਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਿੰਘ ਸਾਹਿਬ ਅਤੇ ਪੰਥਕ ਸ਼ਖਸੀਅਤਾਂ ਨੇ

# ਰੱਖਿਆ ਲੰਗਰ ਹਾਲ ਦਾ ਨੀਂਹ ਪੱਥਰ





**ਅੰਮ੍ਰਿਤਸਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਗੁਰਦੁਆਰਾ ਸਿੰਘ ਸਭਾ ਦੁਖ ਭੰਜਨ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਰਾਗੀਆਂ, ਢਾਡੀਆਂ, ਪ੍ਰਚਾਰਕਾਂ ਨੇ ਹਰ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਉਪਰੰਤ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ (ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ), ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ), ਭਾਈ ਬਲਵੰਤ ਸਿੰਘ ਜੀ ਗੋਪਾਲਾ (ਸਾਬਕਾ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ), ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਕੌਮੀ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ) ਅਤੇ ਗੁਰਮੁਖ ਪਿਆਰੇ ਭਾਈ ਸਕੱਤਰ ਸਿੰਘ ਜੀ ਵੱਲੋਂ ਜਲੰਧਰ ਦੇ ਗੁਰਦੁਆਰਾ ਸਿੰਘ ਸਭਾ ਦੁੱਖ ਭੰਜਨ ਸਾਹਿਬ ਦੇ ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ। ਇਹਨਾਂ ਸਿੰਘਾਂ ਵੱਲੋਂ ਪੰਜ ਇੱਟਾਂ ਰੱਖਣ ਸਮੇਂ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਵੀ ਕੀਤੀ ਗਈ। ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਭਾਈ ਜਸਬੀਰ ਸਿੰਘ ਰੋਡੇ, ਭਾਈ ਬਲਵੰਤ ਸਿੰਘ ਗੋਪਾਲਾ ਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾ ਕੇ ਬਾਣੀ-ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਭਾਈ ਕੁਲਵੰਤ ਸਿੰਘ ਮੰਨਣ ਵੱਲੋਂ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ। ਇਸ ਦੌਰਾਨ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ ਨਾਲ ਭਾਈ ਬਲਵੰਤ ਸਿੰਘ ਗੋਪਾਲਾ ਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਸਿੱਖੀ ਦੇ ਪ੍ਰਚਾਰ ਅਤੇ ਕਈ ਪੰਥਕ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰਿੰਸੀਪਲ ਡਾ: ਰਾਜਵਿੰਦਰ ਕੌਰ ਦੀ ਸੇਵਾਮੁਕਤੀ ਤੇ ਭਾਈ ਵੀਰਪਾਲ ਸਿੰਘ ਤੇ ਸਾਥੀਆਂ ਨੇ ਦਿੱਤੀਆਂ ਮੁਬਾਰਕਾਂ



**ਫ਼ਿਰੋਜ਼ਪੁਰ, 1 ਅਪ੍ਰੈਲ (ਮਨੋਹਰ ਲਾਲ) :**— ਅਦਰਸ਼ ਸਕੂਲ ਖਟਕੜ ਕਲਾਂ ਵਿੱਚ ਲੰਮਾ ਸਮਾਂ ਪ੍ਰਿੰਸੀਪਲ ਦੀ ਸੇਵਾ ਨਿਭਾਉਣ ਉਪਰੰਤ ਅੱਜ ਸੇਵਾ ਮੁਕਤ ਹੋਏ ਡਾ: ਰਾਜਵਿੰਦਰ ਕੌਰ ਦੀ ਸੇਵਾ ਮੁਕਤੀ ਦੇ ਸਬੰਧ ਵਿਚ ਹੋਏ ਸਮਾਗਮ ਦੌਰਾਨ ਸਕੂਲ ਸਟਾਫ ਸਮੇਤ ਵੱਡੀ ਗਿਣਤੀ ਸ਼ੁਭਚਿੰਤਕਾਂ ਨੇ ਕੀਤੀ ਪਹੁੰਚ। ਉਨ੍ਹਾਂ ਦੀ ਰਿਟਾਇਰਮੈਂਟ ਪਾਰਟੀ ਵਿੱਚ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦੇਣ ਅਤੇ ਸਨਮਾਨਿਤ ਕਰਨ ਲਈ ਮਹਾਨ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ, ਨਵੇਂ ਸ਼ਹਿਰ ਦੀਆਂ ਉਘੀਆਂ ਸ਼ਖ਼ਸੀਅਤਾ, ਜ਼ਿਲ੍ਹਾ ਸਿੱਖਿਆ ਅਫਸਰ, ਡਿਪਟੀ ਜ਼ਿਲਾ ਸਿੱਖਿਆ ਅਫਸਰ ਸਮੇਤ ਵੱਖ—ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਅਹੁਦੇਦਾਰਾਂ ਨੇ ਹਾਜ਼ਰ ਹੋਏ। ਇਸ ਮੌਕੇ ਭਾਈ ਵੀਰਪਾਲ ਸਿੰਘ ਵੱਲੋਂ ਮਾਂਝਾ ਜੋਨ ਵੱਲੋਂ ਪ੍ਰਿੰਸੀਪਲ ਡਾਕਟਰ ਰਾਜਵਿੰਦਰ ਕੌਰ ਅਤੇ ਬਲਦੇਵ ਸਿੰਘ ਸਿੱਧੂ ਅਤੇ ਉਨ੍ਹਾਂ ਦੇ ਸਮੂਹ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਰਵਿੰਦਰ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਭਿੰਡਰਾਂਵਾਲੇ ਤਾਂ ਹਰ ਸਿੱਖ ਦੇ ਦਿਲ 'ਚ ਵੱਸਦੇ ਹਨ : ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ



**ਅੰਮ੍ਰਿਤਸਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ ਨੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੀ ਭਰਪੂਰ ਸ਼ਲਾਘਾ ਕੀਤੀ ਹੈ ਜਿਨ੍ਹਾਂ ਨੇ ਸੰਤ ਭਿੰਡਰਾਂਵਾਲਿਆਂ ਦਾ ਸਤਿਕਾਰ ਬਹਾਲ ਰੱਖਦਿਆਂ ਸ਼ਾਨਦਾਰ ਆਵਾਜ਼ ਬੁਲੰਦ ਕੀਤੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਹਿਮਾਚਲ ਵਿੱਚ ਗੁਰਧਾਮਾਂ ਦੇ ਦਰਸ਼ਨ ਕਰਨ ਜਾ ਰਹੇ ਸਿੱਖ ਨੌਜਵਾਨਾਂ ਦੇ ਮੋਟਰ ਸਾਇਕਲਾਂ ਉੱਤੇ ਲੱਗੇ ਸੰਤ ਭਿੰਡਰਾਂਵਾਲਿਆਂ ਦੀ ਤਸਵੀਰ ਵਾਲੇ ਝੰਡੇ ਸਥਾਨਕ ਲੋਕਾਂ ਵੱਲੋਂ ਜਬਰਦਸਤੀ ਉਤਾਰਨ ਕਾਰਨ ਵਿਵਾਦ ਬਣ ਗਿਆ ਸੀ। ਜਿਸ ਬਾਬਤ ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਹੈ ਕਿ ਸੰਤ ਭਿੰਡਰਾਂਵਾਲੇ ਤਾਂ ਬਹਾਨਾ ਹਨ, ਅਸਲ ਵਿੱਚ ਹਿਮਾਚਲ ਦੇ ਫ਼ਿਰਕੂ ਹਿੰਦੁਤਵੀਆਂ ਦੇ ਮਨਾਂ ਵਿੱਚ ਸਿੱਖੀ ਅਤੇ ਸਿੱਖਾਂ ਪ੍ਰਤੀ ਜ਼ਿਹਰ ਭਰਿਆ ਹੋਇਆ ਹੈ ਅਤੇ ਉਨ੍ਹਾਂ ਨੇ ਸਿੱਖ ਕੌਮ ਉੱਤੇ ਹਮਲਾ ਕੀਤਾ ਹੈ। ਅਯੋਧਿਆ ਵਿੱਚ ਰਾਮ ਮੰਦਰ ਦੇ ਨਿਰਮਾਣ ਸਮੇਂ ਹਿੰਦੂਆਂ ਨੇ ਪੰਜਾਬ ਭਰ ਵਿੱਚ ਸ੍ਰੀ ਰਾਮ ਚੰਦਰ ਅਤੇ ਹਨੂੰਮਾਨ ਦੀ ਤਸਵੀਰ ਵਾਲੇ ਭਗਵੇਂ ਝੰਡੇ ਲਾਏ ਪਰ ਕਿਸੇ ਸਿੱਖ ਨੇ ਵਿਰੋਧ ਨਹੀਂ ਕੀਤਾ ਕਿਉਂਕਿ ਸਿੱਖ ਸਭ ਧਰਮਾਂ ਦਾ ਸਤਿਕਾਰ ਕਰਦੇ ਹਨ ਪਰ ਕੋਈ ਹਿੰਦੂਤਵੀ ਸੰਤ ਭਿੰਡਰਾਂਵਾਲਿਆਂ ਦਾ ਵਿਰੋਧ ਕਰੇ, ਸਿੱਖ ਕੌਮ ਹਰਗਿਜ਼ ਬਰਦਾਸ਼ਤ ਨਹੀਂ ਕਰੇਗੀ ਤੇ ਅਸੀਂ ਸੰਤ ਭਿੰਡਰਾਂਵਾਲਿਆਂ ਦਾ ਹਰ ਹੀਲੇ ਸਤਿਕਾਰ ਬਹਾਲ ਰੱਖਾਂਗੇ। ਉਹਨਾਂ ਕਿਹਾ ਕਿ ਸੰਤ ਭਿੰਡਰਾਂਵਾਲੇ ਅੱਤਵਾਦੀ ਨਹੀਂ ਬਲਕਿ ਭਾਰਤ ਸਰਕਾਰ, ਇੰਦਰਾ ਗਾਂਧੀ ਤੇ ਜਨਰਲ ਵੈਦਿਆ ਅੱਤਵਾਦੀ ਸੀ। ਸੰਤ ਭਿੰਡਰਾਂਵਾਲੇ ਤਾਂ ਸੰਤ-ਸਿਪਾਹੀ, ਧਰਮ ਦੇ ਰਖਵਾਲੇ, ਵੀਹਵੀਂ ਸਦੀ ਦੇ ਮਹਾਨ ਸਿੱਖ, ਜਰਨੈਲਾਂ ਦੇ ਜਰਨੈਲ ਅਤੇ ਪੂਜਨੀਕ ਸ਼ਖਸੀਅਤ ਹਨ। ਸੰਤ ਭਿੰਡਰਾਂਵਾਲੇ ਸਾਡੀ ਕੌਮ ਦੇ ਮਹਾਂਨਾਇਕ ਅਤੇ ਸ਼ਹੀਦ ਹਨ ਜਿਨ੍ਹਾਂ ਦੀ ਯਾਦ 'ਚ ਸ੍ਰੀ ਦਰਬਾਰ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਵੀ ਸੁਸ਼ੋਭਿਤ ਹੈ ਅਤੇ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਤਸਵੀਰ ਵੀ ਲੱਗੀ ਹੋਈ ਹੈ। ਉਹਨਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਉੱਤੇ ਕੋਈ ਪਰਚਾ ਦਰਜ ਨਹੀਂ ਸੀ, ਕਿਸੇ ਅਦਾਲਤ ਨੇ ਉਹਨਾਂ ਨੂੰ ਅੱਤਵਾਦੀ ਨਹੀਂ ਐਲਾਨਿਆ। ਉਹਨਾਂ ਇਹ ਵੀ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਗੁਰਦਾਸਪੁਰ ਦੀ ਜੇਲ੍ਹ ਵਿੱਚ ਮੰਦਰ ਬਣਵਾਇਆ, ਛੇ ਹਜ਼ਾਰ ਦੀ ਮੂਰਤੀ ਸਥਾਪਿਤ ਕਰਵਾਈ, ਕਪੂਰਥਲੇ ਰਮਾਇਣ ਨੂੰ ਅੱਗ ਲੱਗੀ ਤਾਂ ਸੰਤ ਭਿੰਡਰਾਂਵਾਲਿਆਂ ਨੇ ਕੇਸ ਲੜਿਆ, ਅਨੇਕਾਂ ਹਿੰਦੂ ਪਰਿਵਾਰਾਂ ਦੀ ਮਦਦ ਕੀਤੀ। ਉਹਨਾਂ ਦੀ ਲੜਾਈ ਕਿਸੇ ਧਰਮ-ਫਿਰਕੇ ਨਾਲ ਨਹੀਂ, ਬਲਕਿ ਭਾਰਤ ਸਰਕਾਰ ਵਿਰੁੱਧ ਸੀ। ਭਾਈ ਗੁਰਪ੍ਰੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਹਿਮਾਚਲ ਪੁਲਿਸ ਵੱਲੋਂ ਸਿੱਖ ਨੌਜਵਾਨਾਂ ਉੱਤੇ ਕੀਤੇ ਪਰਚੇ ਤੁਰੰਤ ਰੱਦ ਕੀਤੇ ਜਾਣ ਅਤੇ ਫਿਰਕੂ ਹਿੰਦੂਤਵੀਏ ਸਿੱਖ ਕੌਮ ਕੋਲੋਂ ਮਾਫ਼ੀ ਮੰਗਣ। ਉਹਨਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੀ ਸੰਤ ਭਿੰਡਰਾਂਵਾਲਿਆਂ ਦੀਆਂ ਤਸਵੀਰਾਂ ਲੱਗੀਆਂ ਹਨ ਪਰ ਕਿਸੇ ਸਰਕਾਰ ਨੂੰ ਕੋਈ ਤਕਲੀਫ ਨਹੀਂ, ਪਰ ਭਾਰਤ ਵਿੱਚ ਕੁਝ ਫਿਰਕੂ ਹਿੰਦੂਤਵੀਏ ਜਾਣਬੁੱਝ ਕੇ ਸਿੱਖ ਕੌਮ ਖਿਲਾਫ ਭੁਗਤ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਹੁਲ ਗਾਂਧੀ ਖਿਲਾਫ ਮੁੱਖ ਮੰਤਰੀ ਵੱਲੋਂ ਕੀਤੀਆਂ ਟਿੱਪਣੀਆਂ ਗੈਰ ਵਾਜਿਬ- ਗੁਰਬਾਜ਼ ਸਿੰਘ ਸਿੱਧੂ



**ਤਲਵੰਡੀ ਸਾਬੋ, 1 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੀਤੇ ਦਿਨ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਅਤੇ ਕੁਲ ਹਿੰਦ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਖਿਲਾਫ ਕੀਤੀਆਂ ਟਿੱਪਣੀਆਂ ਗੈਰਵਾਜਿਬ ਹਨ ਅਤੇ ਉਕਤ ਟਿੱਪਣੀਆਂ ਕਰਕੇ ਮੁੱਖ ਮੰਤਰੀਆਂ ਆਪਣੀਆਂ ਅਸਫਲਤਾਵਾਂ ਨੂੰ ਛੁਪਾ ਨਹੀ ਸਕਦੇ।ਉਕਤ ਵਿਚਾਰਾਂ ਦਾ ਪ੍ਰਗਟਾਵਾ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਇੱਥੇ ਗੱਲਬਾਤ ਕਰਦਿਆਂ ਕੀਤਾ। ਗੁਰਬਾਜ਼ ਸਿੰਘ ਸਿੱਧੂ ਜੋ ਸਿੱਧੂ ਪਰਿਵਾਰ ਦੇ ਪਿਛਲੇ ਸਮੇਂ ਤੋਂ ਨਜ਼ਦੀਕੀ ਕਾਂਗਰਸੀ ਆਗੂ ਗੁਲਾਬ ਸਿੰਘ ਕੈਲੇਵਾਂਦਰ ਦੇ ਪਿਤਾ ਦੇ ਭੋਗ ਸਮਾਗਮ ਚ ਸ਼ਮੂਲੀਅਤ ਲਈ ਵਿਸ਼ੇਸ ਤੌਰ 'ਤੇ ਪਿੰਡ ਨਸੀਬਪੁਰਾ ਪੁੱਜੇ ਸਨ ਨੇ ਬਾਅਦ ਚ ਪਿੰਡ ਸ਼ੇਖਪੁਰਾ ਵਿਖੇ ਇੱਕ ਧਾਰਮਿਕ ਸਮਾਗਮ ਚ ਹਾਜ਼ਰੀ ਭਰਨ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਲੋਕ ਸਭਾ ਚ ਵਿਰੋਧੀ ਧਿਰ ਦੇ ਨੇਤਾ ਦੇ ਜ਼ਿੰਮੇਵਾਰੀ ਬਾਖੂਬੀ ਨਿਭਾ ਰਹੇ ਹਨ ਅਤੇ ਇਹ ਦੇਸ਼ ਦੇ ਲੋਕ ਚੰਗੀ ਤਰ੍ਹਾਂ ਜਾਣਦੇ ਹਨ ਪਰ ਮੁੱਖ ਮੰਤਰੀ ਪੰਜਾਬ ਦੱਸਣ ਕਿ ਕੀ ਉਹ ਆਪਣੀਆਂ ਜ਼ਿੰਮੇਵਾਰੀਆਂ ਸਹੀ ਤਰੀਕੇ ਨਾਲ ਨਿਭਾ ਰਹੇ ਹਨ।ਸਿੱਧੂ ਮੁਤਾਬਿਕ ਕੇਂਦਰ ਸਰਕਾਰ ਦੀ ਖ਼ੁਸ਼ੀ ਹਾਸਿਲ ਕਰਨ ਲਈ ਜਿਸ ਤਰ੍ਹਾਂ ਪੰਜਾਬ ਸਰਕਾਰ ਨੇ ਕਿਸਾਨੀ ਸੰਘਰਸ਼ ਨੂੰ ਸੱਟ ਮਾਰਨ ਵਾਸਤੇ ਪੰਜਾਬ ਪੁਲਿਸ ਦਾ ਸਹਾਰਾ ਲਿਆ ਉਸਤੋਂ ਬਾਅਦ ਤਾਂ ਸੱਤਾਧਿਰ ਦੇ ਆਗੂਆਂ ਨੂੰ ਕਿਸੇ ਹੋਰ ਸਿਆਸੀ ਆਗੂ ਬਾਰੇ ਸਿਧਾਂਤਕ ਤੌਰ ਤੇ ਹੀ ਬੋਲਣਾ ਨਹੀ ਚਾਹੀਦਾ ਪਰ ਰਾਹੁਲ ਗਾਂਧੀ ਖਿਲਾਫ ਟਿੱਪਣੀ ਕਰਕੇ ਮੁੱਖ ਮੰਤਰੀ ਨੇ ਸਰਕਾਰ ਚਲਾਉਣ ਚ ਆਪਣੀਆਂ ਅਸਫਲਤਾਵਾਂ ਨੂੰ ਛੁਪਾਉਣ ਦੀ ਨਾਕਾਮ ਕੋਸ਼ਿਸ ਕੀਤੀ ਹੈ ਉਨਾਂ ਕਿਹਾ ਕਿ ਲੋਕ ਸਭ ਕੁਝ ਜਾਣਦੇ ਹਨ ਅਤੇ 2027 'ਚ ਇਸਦਾ ਜਵਾਬ ਉਹ ਖੁਦ ਦੇ ਦੇਣਗੇ। ਸਿੱਧੂ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਗੁਰਵਿੰਦਰ ਸਿੰਘ ਦੁੱਨੇਵਾਲਾ, ਗੁਰਮੇਲ ਸਿੰਘ ਲਾਲੇਆਣਾ, ਮਨਪ੍ਰੀਤ ਸਿੰਘ ਸ਼ੇਖਪੁਰਾ,ਬਲਵੰਤ ਸਿੰਘ ਲੇਲੇਵਾਲਾ, ਬਹਾਦੁਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਹਰਪਾਲ ਸਿੰਘ ਗਿੱਲ ਪੰਚ, ਸੁਰਜੀਤ ਸ਼ਰਮਾ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

ਫ਼ਿਰੋਜ਼ਪੁਰ ਸ਼ਹਿਰ ਦੇ ਵਸਨੀਕ ਦਿਲਜਾਨ ਸ਼ਾਹ ਦੇ ਜਨਮ ਦਿਨ ਤੇ ਮਾਪਿਆਂ ਸ੍ਰੀਮਤੀ ਸਿਮਰਨ ਵਾ ਪਾਰਸ ਨੂੰ ਮੁਬਾਰਕਾਂ। ਫੋਟੋ : ਮਨੋਹਰ ਲਾਲ ਪੱਤਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਜੀ ਦੀ

# 21ਵੀਂ ਸਲਾਨਾ ਬਰਸੀ ਸਮਾਗਮ ਪਿੰਡ ਟੌਹੜਾ ਸੰਪੰਨ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਪੰਥਕ, ਧਾਰਮਿਕ ਤੇ ਸਿਆਸੀ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਂਟ


















ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਜੀ ਦੀ 21ਵੀਂ ਸਲਾਨਾ ਬਰਸੀ ਸਮਾਗਮ ਵਿੱਚ ਪਿੰਡ ਟੌਹੜਾ ਵਿਖੇ ਸੰਬੋਧਨ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਹਾਜ਼ਰ ਆਗੂ ਸਾਹਿਬਾਨ ਅਤੇ ਸਿੱਖ ਸੰਗਤ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ

# 25 ਮੈਂਬਰਾਂ ਦੀ ਹੋਈ ਇਕੱਤਰਤਾ



**ਚੰਡੀਗੜ੍ਹ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸਰਦਾਰ ਜਗਦੀਸ਼ ਸਿੰਘ ਝੀਂਡਾ,ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ ਸਹਿਤ ਨਵਨਿਯੁਕਤ 25 ਮੈਂਬਰ ਸਾਹਿਬਾਨਾਂ ਦੀ ਇਕੱਤਰਤਾ ਅੱਜ ਹੋਈ ਜਿਸ ਵਿੱਚ ਮੌਜੂਦਾ ਹਾਲਾਤਾਂ ਬਾਬਤ ਵਿਚਾਰ ਵਟਾਂਦਰਾ ਹੋਇਆ ਅਤੇ ਹਰਿਆਣਾ ਸਰਕਾਰ ਨੂੰ ਜਲਦੀ ਕਾਨੂੰਨ ਬਣਾ ਕੇ 9 ਮੈਂਬਰ ਨਾਮਜ਼ਦ ਕਰਨ ਅਤੇ ਕਾਰਜਕਰਨੀ ਕਮੇਟੀ ਜਲਦੀ ਬਣਾਉਣ ਦੀ ਅਪੀਲ ਕੀਤੀ ਗਈ ਇਨਾਂ 25 ਮੈਂਬਰ ਸਾਹਿਬਾਨਾਂ ਨੇ ਆਪਸ ਵਿੱਚ ਸਹਿਮਤੀ ਪ੍ਰਗਟ ਕੀਤੀ ਅਤੇ ਇਕੱਠੇ ਚੱਲਣ ਦਾ ਅਹਿਦ ਕੀਤਾ ਨਵਨਿਯੁਕਤ ਮੈਂਬਰਾਂ ਵਿੱਚ ਜਗਦੀਸ਼ ਸਿੰਘ ਝੀਂਡਾ,ਜੋਗਾ ਸਿੰਘ ਯਮੁਨਾਨਗਰ,ਜਗਤਾਰ ਸਿੰਘ ਮਾਨ ਮਿਠੜੀ ਸਿਰਸਾ,ਕਰਨੈਲ ਸਿੰਘ ਨਿੰਮਨਾਬਾਦ ਜੀਂਦ,ਗੁਰਪਾਲ ਸਿੰਘ ਗੋਰਾ ਐਲਨਾਬਾਦ ਸਿਰਸਾ,ਅੰਗਰੇਜ਼ ਸਿੰਘ ਰਾਣੀਆਂ ਸਿਰਸਾ,ਕੁਲਦੀਪ ਸਿੰਘ ਫੱਗੂ ਸਿਰਸਾ,ਬਲਵਿੰਦਰ ਸਿੰਘ ਖਾਲਸਾ ਹਿਸਾਰ,ਬਲਵਿੰਦਰ ਸਿੰਘ ਚੀਮਾ ਕਰਨਾਲ,ਗੁਰਨਾਮ ਸਿੰਘ ਲਾਡੀ ਡਬਰੀ ਨੀਸਿੰਗ,ਸੁਖਦੇਵ ਸਿੰਘ ਨਗਲ ਅੰਬਾਲਾ,ਰਜਿੰਦਰ ਸਿੰਘ ਬਰਾੜਾ ਅੰਬਾਲਾ,ਗੁਰਵੀਰ ਸਿੰਘ ਤਲਾਕੌਰ ਯਮੁਨਾਨਗਰ,ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ,ਗੁਰਮੀਤ ਸਿੰਘ ਮੀਤਾ ਕਾਲਕਾ,ਗੁਰਤੇਜ ਸਿੰਘ ਅੰਬਾਲਾ, ਰੁਪਿੰਦਰ ਸਿੰਘ ਪੰਜੋਖਰਾ ਸਾਹਿਬ ਅੰਬਾਲਾ,ਬਲਵਿੰਦਰ ਸਿੰਘ ਭਿੰਡਰ ਕੈਂਥਲ,ਬਲਦੇਵ ਸਿੰਘ ਹਾਬੜੀ ਕੈਂਥਲ,ਤਜਿੰਦਰਪਾਲ ਸਿੰਘ ਨਾਰਨੌਲ ਮਹਿੰਦਰਗੜ੍ਹ,ਭੁਪਿੰਦਰ ਸਿੰਘ ਸੌਂਕੜਾ ਨੀਲੋਖੇੜੀ ਕਰਨਾਲ,ਬੀਬੀ ਅਮਨਪ੍ਰੀਤ ਕੌਰ ਟੋਹਾਣਾ,ਪਲਵਿੰਦਰ ਸਿੰਘ ਚੀਮਾ ਕਰਨਾਲ,ਇੰਦਰਜੀਤ ਸਿੰਘ ਮੁਰਤਜ਼ਾਪੁਰ,ਕੁਲਦੀਪ ਸਿੰਘ ਮੁਲਤਾਨੀ ਪਿਹੋਵਾ,ਮੇਜਰ ਸਿੰਘ ਗੂਹਲਾ ਕੈਂਥਲ ਹਾਜ਼ਰ ਸਨ।

**9 ਮੈਂਬਰ ਨਾਮਜ਼ਦ ਕਰਨ ਅਤੇ ਕਾਰਜਕਰਨੀ ਕਮੇਟੀ ਜਲਦੀ ਬਣਾਉਣ ਦੀ ਸਰਕਾਰ ਨੂੰ ਕੀਤੀ ਅਪੀਲ**

## ਪਾਸਟਰ ਬਰਜਿੰਦਰ ਨੂੰ ਅਦਾਲਤ ਨੇ ਉਮਰ ਕੈਦ ਦੀ ਸਜ਼ਾ ਸੁਣਾ ਕੇ ਧਰਮ ਦੀ ਆੜ'ਚ ਔਰਤਾਂ ਨਾਲ ਜਬਰਜਨਾਹ ਕਰਨ ਵਾਲਿਆਂ ਨੂੰ ਇਨਸਾਫ਼ ਦਾ ਸਬਕ ਸਿਖਾਇਆ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 1 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ)**-ਆਖਿਰ ਅਦਾਲਤ ਨੇ ਧਰਮ ਦੀ ਆੜ'ਚ ਔਰਤਾਂ ਨਾਲ ਜਬਰਜਨਾਹ ਕਰਨ ਵਾਲੇ ਬਰਜਿੰਦਰ ਪਾਸਟਰ ਨੂੰ ਮੋਹਾਲੀ ਦੀ ਅਦਾਲਤ ਨੇ ਉਮਰ ਕੈਦ ਦੀ ਸਜ਼ਾ ਸੁਣਾਈ ਹੈ,ਪੀੜਤ ਔਰਤ ਨੇ ਫੈਸਲੇ ਦੀ ਖੁਸ਼ੀ'ਚ ਬੋਲੇ ਸੋ ਨਿਹਾਲ ਦੇ ਜੈਕਾਰੇ ਲਾਏ, ਲੋਕਾਂ ਵੱਲੋਂ ਅਦਾਲਤ ਦੇ ਇਸ ਫੈਸਲੇ ਦਾ ਸਵਾਗਤ ਕੀਤਾ ਜਾ ਰਿਹਾ ਹੈ ਅਤੇ ਇਸ ਨੂੰ ਸਮੇਂ ਅਤੇ ਲੋਕਾਂ ਦੀ ਮੰਗ ਵਾਲਾ ਵਧੀਆ ਫੈਸਲਾ ਮੰਨਿਆਂ, ਬੀਤੇ ਦਿਨੀਂ ਇਸ ਕੇਸ ਦੀ ਪੀੜਤ ਆਪਣੀ ਸੁਰੱਖਿਆ ਸਬੰਧੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ ਪਹੁਚੀ ਸੀ ਤੇ ਉਹਨਾਂ ਨੂੰ ਜਥੇਦਾਰ ਸਾਹਿਬ ਨੇ ਵਿਸ਼ਵਾਸ ਦਿਵਾਇਆ ਸੀ ਕਿ ਸਿੱਖ ਪੰਥ ਹਮੇਸ਼ਾ ਤੁਹਾਡੇ ਨਾਲ ਹੈ, ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦਿਆਂ ਪੀੜਤ ਵੱਲੋਂ ਅਦਾਲਤ'ਚ ਬੋਲੇ ਸੋ ਨਿਹਾਲ ਵਰਗੇ ਜੈਕਾਰੇ ਲਾਉਣ ਵਾਲੀ ਚੜਦੀ ਕਲਾ ਵਾਲ਼ੀ ਬਿਰਤੀ ਦਾ ਧੰਨਵਾਦ ਕੀਤਾ ਅਤੇ ਲੋਕਾਂ ਨੂੰ ਧਰਮ ਦੀ ਆੜ'ਚ ਔਰਤਾਂ ਨਾਲ ਪਾਸਟਰ ਬਰਜਿੰਦਰ ਵਾਂਗ ਜਬਰਜਨਾਹ ਕਰਨ ਵਾਲਿਆਂ ਵਿਰੁੱਧ ਬਿਨ੍ਹਾਂ ਕਿਸੇ ਡਰ ਲੋਕਾਂ ਦੀ ਕਚਹਿਰੀ ਵਿੱਚ ਆਉਣਾ ਚਾਹੀਦਾ ਹੈ ਤਾਂ ਧਰਮ ਦੀ ਆੜ'ਚ ਔਰਤਾਂ ਨਾਲ ਜਬਰਜਨਾਹ ਕਰਨ ਵਾਲਿਆਂ ਨੂੰ ਸਬਕ . ਸਿਖਾਇਆ ਜਾ ਸਕੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੋਹਾਲੀ ਦੀ ਅਦਾਲਤ ਵੱਲੋਂ ਪਾਸਟਰ ਬਰਜਿੰਦਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਉਣ ਦਾ ਸਵਾਗਤ, ਪੀੜਤਾਂ ਵੱਲੋਂ ਫ਼ੈਸਲੇ ਦੀ ਖੁਸ਼ੀ'ਚ ਜੈਕਾਰੇ ਲਾਉਣ ਦਾ ਧੰਨਵਾਦ ਅਤੇ ਲੌਕਾਂ ਨੂੰ ਪਾਸਟਰ ਬਰਜਿੰਦਰ ਵਾਂਗ ਪਾਪ ਕਰਨ ਵਾਲੇ ਪਾਸਟਰ ਵਿਰੁੱਧ ਅਵਾਜ਼ ਬੁਲੰਦ ਕਰਨ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਮਾਸਟਰ ਬਰਜਿੰਦਰ ਨੇ ਪੀੜਤ ਨਾਲ ਜਬਰਜਨਾਹ ਕਰਕੇ ਵੀਡੀਓ ਬਣਾਈ ਅਤੇ ਦੱਸਣ ਤੇ ਵੀਡੀਓ ਵਾਇਰਲ ਤੇ ਜਾਨੋਂ ਮਾਰਨ ਦੀ ਧਮਕੀਆਂ ਵੀ ਦਿੱਤੀਆਂ ਭਾਈ ਖਾਲਸਾ ਨੇ ਕਿਹਾ ਜਦੋਂ ਪਾਪਾ ਦਾ ਗੜਾ ਭਰ ਜਾਵੇ ਤਾਂ ਪ੍ਰਮਾਤਮਾ ਨੂੰ ਅਜਿਹੇ ਦਰਿਦਰਾ ਨੂੰ ਸਬਕ . ਸਿਖਾਉਣ ਲਈ ਆਪਣੀ ਕਲਾ ਵਰਤਾਉਣੀ ਪੈਂਦਾ ਹੈ ਜੋ ਸਮੇਂ ਦੇ ਲੋਕਾਂ ਲਈ ਪ੍ਰੇਰਨਾ ਸਰੋਤ ਬਣ ਜਾਂਦੀ ਹੈ ਭਾਈ ਖਾਲਸਾ ਨੇ ਦੱਸਿਆ ਅਜਿਹੀ ਘਟਨਾ ਪਾਸਟਰ ਬਰਜਿੰਦਰ ਨੂੰ ਉਮਰ ਕੈਦ ਤੇ ਪੀੜਤ ਵੱਲੋਂ ਇਸ ਵਿਰੁੱਧ ਲੜਨ ਦੀ ਹਿੰਮਤ ਤੇ ਦਲੇਰੀ ਨੂੰ ਸਲੂਟ ਕਰਨਾ ਬਣਦਾ ਹੈ ਅਤੇ ਇਹ ਘਟਨਾ ਲੋਕਾਂ ਲਈ ਪ੍ਰੇਰਨਾ ਸਰੋਤ ਹੈ ਅਤੇ ਇਤਿਹਾਸ ਨੂੰ ਜਨਮ ਦਿੰਦੀ ਹੈ ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਅਦਾਲਤ ਵੱਲੋਂ ਪਾਸਟਰ ਬਰਜਿੰਦਰ ਨੂੰ ਉਮਰ ਕੈਦ ਦੀ ਸਜ਼ਾ ਵਾਲੇ ਫੈਸਲੇ ਦਾ ਸਵਾਗਤ ਤੇ ਪੀੜਤ ਵੱਲੋਂ ਅਦਾਲਤ ਦੇ ਫੈਸਲੇ ਦੀ ਖੁਸ਼ੀ ਵਿੱਚ ਜੈਕਾਰੇ ਲਾਉਣ ਵਾਲੇ ਚੜਦੀ ਕਲਾ ਵਾਲ਼ੀ ਬਿਰਤੀ ਨੂੰ ਸਲੂਟ ਕਰਦੀ ਹੋਈ ਲੋਕਾਂ ਨੂੰ ਬੇਨਤੀ ਕਰਦੀ ਹੈ ਫੂਕ ਮਾਰ ਕੇ ਲੋਕਾਂ ਦੀਆਂ ਬਿਮਾਰੀਆਂ ਠੀਕ ਕਰਨ ਵਾਲੇ ਇੰਨਾ ਸਾਰੇ ਨਕਲੀ ਮਾਸਟਰਾਂ ਦੇ ਭੇਤ ਖੋਲੇ ਜਾਣ ਤਾਂ ਸਮਾਜ ਨੂੰ ਅਜਿਹੇ ਪਾਖੰਡੀਆਂ ਤੋਂ ਮੁਕਤ ਕਰਵਾਇਆ ਜਾ ਸਕੇ।



### ਅਖੌਤੀ ਪਾਦਰੀ ਬਜਿੰਦਰ ਨੂੰ

# ਉਮਰ ਕੈਦ ਦੀ ਸਜ਼ਾ ਮਿਲਣੀ ਸ਼ਲਾਘਾਯੋਗ : ਬੀਬੀ ਕੁਲਵਿੰਦਰ ਕੌਰ



**ਗੁਰਦਾਸਪੁਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਗੁਰਦਾਸਪੁਰ ਯੂਨਿਟ ਦੀ ਇਸਤਰੀ ਵਿੰਗ ਦੀ ਪ੍ਰਧਾਨ ਬੀਬੀ ਕੁਲਵਿੰਦਰ ਕੌਰ ਖਾਲਸਾ ਨੇ ਕਿਹਾ ਕਿ ਅਖੌਤੀ ਪਾਦਰੀ ਬਜਿੰਦਰ ਨੂੰ ਜੋ ਅਦਾਲਤ ਵੱਲੋਂ ਬਲਾਤਕਾਰ ਦੇ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ, ਇਸ ਦਾ ਅਸੀਂ ਸਵਾਗਤ ਕਰਦੇ ਹਾਂ। ਉਹਨਾਂ ਕਿਹਾ ਕਿ ਬਜਿੰਦਰ ਵਰਗੇ ਅਖੌਤੀ ਪਾਸਟਰ ਜੋ ਲੋਕਾਂ ਦਾ ਸਰੀਰਿਕ ਅਤੇ ਮਾਨਸਿਕ ਸ਼ੋਸ਼ਣ ਕਰਦੇ ਹਨ ਅਤੇ ਲੋਕਾਂ ਨੂੰ ਉਹਨਾਂ ਦੇ ਧਰਮ ਤੋਂ ਡੇਗਦੇ ਹਨ। ਬੀਬੀ ਕੁਲਵਿੰਦਰ ਕੌਰ ਨੇ ਕਿਹਾ ਕਿ ਇਹ ਅਖੌਤੀ ਪਾਦਰੀ ਬਲਜਿੰਦਰ ਜੋ ਭੋਲੇ ਭਾਲੇ ਅਤੇ ਗਰੀਬ ਸਿੱਖਾਂ ਨੂੰ ਲਾਲਚ ਦੇ ਕੇ ਅਤੇ ਵਹਿਮਾਂ ਭਰਮਾਂ ਵਿੱਚ ਫਸਾ ਕੇ ਉਹਨਾਂ ਨੂੰ ਸਿੱਖੀ ਤੋਂ ਬਾਗੀ ਕਰਕੇ ਉਹਨਾਂ ਦਾ ਧਰਮ ਤਬਦੀਲ ਕਰ ਰਿਹਾ ਸੀ ਜਿਸ ਨੂੰ ਸਿੱਖ ਕੌਮ ਕਦੇ ਸਹਿਣ ਨਹੀਂ ਕਰ ਸਕਦੀ। ਉਹਨਾਂ ਕਿਹਾ ਕਿ ਬਲਜਿੰਦਰ ਵਰਗੇ ਲੋਕ ਜੋ ਪਾਦਰੀ ਬਣ ਕੇ ਜਾਂ ਹੋਰ ਸੰਤਾਂ ਮਹਾਂਪੁਰਸ਼ਾਂ ਦਾ ਭੇਸ ਧਾਰ ਕੇ ਲੋਕਾਂ ਨੂੰ ਲੁੱਟਦੇ ਹਨ, ਅੱਜ ਇਹ ਪਖੰਡੀਆਂ ਤੋਂ ਲੋਕਾਂ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਬੀਬੀ ਕੁਲਵਿੰਦਰ ਕੌਰ ਨੇ ਇਹ ਵੀ ਕਿਹਾ ਕਿ ਜਿਹੜੇ ਸਿੱਖ ਆਪਣਾ ਧਰਮ ਛੱਡ ਕੇ ਇਹਨਾਂ ਅਖੌਤੀ ਪਾਦਰੀਆਂ ਦੇ ਝਾਂਸੇ ਵਿੱਚ ਇਸਾਈ ਬਣ ਰਹੇ ਸਨ, ਹੁਣ ਉਹਨਾਂ ਸਾਰਿਆਂ ਨੂੰ ਸਿੱਖ ਧਰਮ ਵਿੱਚ ਵਾਪਸ ਆ ਜਾਣਾ ਚਾਹੀਦਾ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ ਜਾ ਕੇ ਆਪਣੀ ਭੁੱਲ ਬਖਸ਼ਾਉਣੀ ਚਾਹੀਦੀ ਹੈ। ਬੀਬੀ ਕੁਲਵਿੰਦਰ ਕੌਰ ਨੇ ਸਭ ਸਿੱਖਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ, ਖੰਡੇ ਬਾਟੇ ਦਾ ਅੰਮ੍ਰਿਤ ਛਕਣ, ਕੇਸਾਧਾਰੀ, ਅੰਮ੍ਰਿਤਧਾਰੀ ਤੇ ਸ਼ਸਤਰਧਾਰੀ ਅਤੇ ਬਾਣੀ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਵੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਸਦ ਮੈਂਬਰ ਤੇ ਵਿਧਾਇਕ ਨੇ ਮਕਾਨਾਂ ਦੀ ਮੁਰੰਮਤ ਲਈ 2 ਹਜ਼ਾਰ ਲਾਭਪਾਤਰੀਆਂ ਨੂੰ 2 ਕਰੋੜ ਰੁਪਏ ਦੇ ਚੈੱਕ ਸੌਂਪੇ

**ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਜਲਦੀ ਹੀ ਜਾਰੀ ਕੀਤੇ ਜਾਣਗੇ 4.50 ਕਰੋੜ ਰੁਪਏ ਦੇ ਫੰਡ • ਡਾ. ਰਾਜ ਕੁਮਾਰ ਚੱਬੇਵਾਲ ਨੇ ਸਰਪੰਚਾਂ ਨੂੰ ਗ੍ਰਾਂਟਾਂ ਦੇ ਨਾਲ-ਨਾਲ ਕੰਮਾਂ 'ਤੇ ਨਜ਼ਰ ਰੱਖਣ ਦੀ ਅਪੀਲ, ਭਲਾਈ ਸਕੀਮਾਂ ਦਾ ਲਾਭ ਬਿਨਾਂ ਪੱਖਪਾਤ ਪਹੁੰਚਾਇਆ ਜਾਵੇ**



**ਚੱਬੇਵਾਲ, ਹੁਸ਼ਿਆਰਪੁਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਚੱਬੇਵਾਲ ਅਤੇ ਮਾਹਿਲਪੁਰ ਬਲਾਕ ਦੇ 2000 ਲਾਭਪਾਤਰੀਆਂ ਨੂੰ ਮਕਾਨਾਂ ਦੀ ਮੁਰੰਮਤ ਲਈ 2 ਕਰੋੜ ਰੁਪਏ ਦੇ ਚੈੱਕ ਸੌਂਪੇ। ਈਦ-ਉਲ-ਫਿਤਰ ਅਤੇ ਨਵਰਾਤਰਿਆਂ ਦੇ ਪਵਿੱਤਰ ਦਿਹਾੜੇ 'ਤੇ ਵਧਾਈ ਦਿੰਦਿਆਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ ਅਤੇ ਆਉਣ ਵਾਲੇ ਸਮੇਂ 'ਚ ਇਹ ਕੰਮ ਹੋਰ ਤੇਜ਼ੀ ਨਾਲ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਅੱਜ ਦਿੱਤੀ ਗਈ 2 ਕਰੋੜ ਦੀ ਗ੍ਰਾਂਟ ਸਮੇਤ ਹੁਣ ਤੱਕ ਮਕਾਨਾਂ ਦੀ ਮੁਰੰਮਤ ਲਈ 10,000 ਲਾਭਪਾਤਰੀਆਂ ਨੂੰ 10 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਧਾਇਕਾਂ ਨੂੰ ਸਾਲਾਨਾ 5 ਕਰੋੜ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਨਾਲ ਪਿੰਡਾਂ ਵਿੱਚ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ। ਪਿੰਡਾਂ ਦੇ ਸਰਪੰਚਾਂ ਨੂੰ ਪੰਚਾਇਤਾਂ ਦੇ ਖਾਤਿਆਂ ਵਿੱਚ ਆਉਣ ਵਾਲੇ ਫੰਡਾਂ 'ਤੇ ਨੇੜਿਓਂ ਨਜ਼ਰ ਰੱਖਣ ਦੀ ਅਪੀਲ ਕਰਦਿਆਂ ਸੰਸਦ ਮੈਂਬਰ ਨੇ ਕਿਹਾ ਕਿ ਪਿੰਡਾਂ ਦੇ ਨੁਮਾਇੰਦਿਆਂ ਨੂੰ ਵਿਕਾਸ ਫੰਡਾਂ ਦੇ ਨਾਲ-ਨਾਲ ਉਨ੍ਹਾਂ ਕੰਮਾਂ 'ਤੇ ਵੀ ਨਜ਼ਰ ਰੱਖਣੀ ਚਾਹੀਦੀ ਹੈ ਜਿਨ੍ਹਾਂ ਲਈ ਇਹ ਫੰਡ ਅਲਾਟ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਪੰਚਾਂ ਦੀ ਸੁਚੱਜੀ ਪਹੁੰਚ ਜਨਤਕ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਕੁਸ਼ਲਤਾ ਲਿਆ ਸਕਦੀ ਹੈ। ਉਨ੍ਹਾਂ ਸਰਪੰਚਾਂ ਨੂੰ ਵੀ ਅਪੀਲ ਕੀਤੀ ਕਿ ਪੱਕੇ ਮਕਾਨਾਂ ਅਤੇ ਹੋਰ ਭਲਾਈ ਸਕੀਮਾਂ ਲਈ ਅਰਜ਼ੀਆਂ ਦੇਣ ਵੇਲੇ ਕਿਸੇ ਨਾਲ ਪੱਖਪਾਤ ਨਾ ਕੀਤਾ ਜਾਵੇ ਕਿਉਂਕਿ ਸਾਰੇ ਯੋਗ ਲਾਭਪਾਤਰੀਆਂ ਨੂੰ ਬਣਦਾ ਲਾਭ ਦਿੱਤਾ ਜਾਵੇਗਾ। ਇਸ ਮੌਕੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੇ ਹਲਕੇ ਦੇ ਸਾਰੇ ਕੱਚੇ ਮਕਾਨਾਂ ਨੂੰ ਪੱਕੇ ਮਕਾਨਾਂ ਵਿੱਚ ਤਬਦੀਲ ਕਰਨ ਦਾ ਟੀਚਾ ਮਿੱਥਿਆ ਹੈ ਅਤੇ ਉਹ ਯਕੀਨੀ ਤੌਰ 'ਤੇ ਇਸ ਟੀਚੇ ਨੂੰ ਜਲਦ ਹੀ ਸਰ ਕਰ ਲੈਣਗੇ। ਉਨ੍ਹਾਂ ਕਿਹਾ ਕਿ ਪੱਕੇ ਮਕਾਨਾਂ ਲਈ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 30 ਅਪਰੈਲ ਤੱਕ ਵਧਾ ਦਿੱਤੀ ਗਈ ਹੈ, ਜਿਸ ਕਾਰਨ ਜਿਹੜੇ ਲੋਕ ਅੱਜ ਤੱਕ ਅਰਜ਼ੀਆਂ ਨਹੀਂ ਦੇ ਸਕੇ, ਉਹ ਹੁਣ ਅਰਜ਼ੀਆਂ ਦੇ ਸਕਦੇ ਹਨ। ਪਿੰਡਾਂ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਬਾਰੇ ਜ਼ਿਕਰ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਸਾਰੇ ਪਿੰਡਾਂ ਵਿੱਚ ਖੇਡ ਮੈਦਾਨ ਬਣਾਉਣ ਦੇ ਨਾਲ ਨਾਲ ਟ੍ਰੈਕ ਤੇ ਜਿੰਮ ਦੀ ਸਹੂਲਤ ਵੀ ਦਿੱਤੀ ਜਾਵੇਗੀ। ਉਨ੍ਹਾਂ ਨੇ ਲੋਕ ਪੱਖੀ ਬਜਟ ਪੇਸ਼ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਡਾ. ਹਰਪਾਲ ਸਿੰਘ ਚੀਮਾ ਦੀ ਵੀ ਸ਼ਲਾਘਾ ਕੀਤੀ ਕਿਉਂਕਿ ਇਸ ਬਜਟ ਵਿੱਚ ਸਮਾਜ ਦੇ ਸਾਰੇ ਵਰਗਾਂ ਨੂੰ ਭਲਾਈ ਪਹਿਲਕਦਮੀਆਂ ਤਹਿਤ ਸ਼ਾਮਲ ਕੀਤਾ ਗਿਆ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ 4.50 ਕਰੋੜ ਰੁਪਏ ਦੇ ਵਿਕਾਸ ਫੰਡ ਜਲਦ ਹੀ ਵੰਡੇ ਜਾ ਰਹੇ ਹਨ, ਜਿਸ ਨਾਲ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਬਾਕੀ ਰਹਿੰਦੇ ਕੰਮ ਵੀ ਜਲਦ ਹੀ ਨੇਪਰੇ ਚਾੜ੍ਹ ਲਏ ਜਾਣਗੇ। ਇਸ ਮੌਕੇ ਪੰਚਾਇਤ ਮੈਂਬਰਾਂ ਨੇ ਚੈਕ ਪ੍ਰਾਪਤ ਕਰਦੇ ਹੋਏ ਹਲਕੇ ਦੇ ਸਰਵਪੱਖੀ ਵਿਕਾਸ ਲਈ ਸੰਸਦ ਮੈਂਬਰ ਅਤੇ ਵਿਧਾਇਕ ਦਾ ਧੰਨਵਾਦ ਕੀਤਾ।

# ਵੱਖ-ਵੱਖ ਸ਼ਹਿਰ ਵਾਸੀਆਂ ਅਤੇ ਵਿਸ਼ੇਸ਼ ਤੌਰ 'ਤੇ ਵਪਾਰੀਆਂ ਵਲੋਂ ਪ੍ਰਾਪਰਟੀ ਟੈਕਸ ਜਮ੍ਹਾਂ ਕਰਾਉਣ ਸਬੰਧੀ ਦਿੱਤਾ ਗਿਆ ਭਰਵਾਂ ਹੁੰਗਾਰਾ: ਕਮਿਸ਼ਨਰ ਨਗਰ ਨਿਗਮ



**ਹੁਸ਼ਿਆਰਪੁਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਡਾ: ਅਮਨਦੀਪ ਕੌਰ, ਪੀ.ਸੀ.ਐਸ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਸਰਕਾਰ ਵਲੋਂ ਵਿੱਤੀ ਸਾਲ 2024-25 ਲਈ ਪ੍ਰਾਪਰਟੀ ਟੈਕਸ ਦਾ ਕੁੱਲ 6.60 ਕਰੋੜ ਦਾ ਬਜਟ ਨਿਸ਼ਚਿਤ ਕੀਤਾ ਗਿਆ ਸੀ, ਜਿਸ ਦੇ ਵਿਰੁੱਧ ਨਗਰ ਨਿਗਮ ਨੂੰ ਮਿਤੀ 31.03.2025 ਤੱਕ ਕੁੱਲ 7.68 ਕਰੋੜ ਰੁਪਏ ਪ੍ਰਾਪਤ ਹੋਇਆ ਹੈ, ਮਿਤੀ 01.03.2025 ਤੋਂ 31.03.2025 ਤੱਕ ਨਗਰ ਨਿਗਮ ਨੂੰ ਲਗਭਗ 2.52 ਕਰੋੜ ਪ੍ਰਾਪਰਟੀ ਟੈਕਸ ਤੋਂ ਆਮਦਨ ਹੋਈ ਹੈ। ਮਾਰਚ ਮਹੀਨੇ ਦੌਰਾਨ ਬਹੁਤਾਤ ਵਿਚ ਹੋਈ ਪ੍ਰਾਪਰਟੀ ਟੈਕਸ ਦੀ ਆਮਦਨ ਦਾ ਸਿਹਰਾ ਨਗਰ ਨਿਗਮ ਦੇ ਮੇਅਰ ਸ਼੍ਰੀ ਸੁਰਿੰਦਰ ਕੁਮਾਰ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਸੰਦੀਪ ਤਿਵਾੜੀ, ਸੁਪਰਡੰਟ ਕੁਲਵਿੰਦਰ ਸਿੰਘ, ਸੁਪਰਡੰਟ ਸੁਆਮੀ ਸਿੰਘ ਅਤੇ ਸੁਪਰਡੰਟ ਗੁਰਮੇਲ ਸਿੰਘ ਅਤੇ ਪ੍ਰਾਪਰਟੀ ਟੈਕਸ ਇਕੱਤਰ ਕਰਨ ਵਿਚ ਲੱਗੀਆਂ ਵੱਖ ਵੱਖ ਟੀਮਾਂ ਵਿਚ ਤੈਨਾਤ ਵੱਖ ਵੱਖ ਕਰਮਚਾਰੀਆਂ ਵਲੋਂ ਦਿੱਨ ਰਾਤ ਅਣਥੱਕ ਮਿਹਨਤ ਕਰਕੇ ਪਬਲਿਕ ਨੂੰ ਮਿਤੀ 31.03.2025 ਤੱਕ ਆਪਣਾ ਬਣਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਲਈ ਆਮ ਪਬਲਿਕ ਨੂੰ ਪ੍ਰੇਰਿਆ ਗਿਆ ਤਾਂ ਹੀ 31.03.2025 ਤੱਕ ਭਾਰੀ ਮਾਤਰਾ ਵਿਚ ਪ੍ਰਾਪਰਟੀ ਟੈਕਸ ਦੀ ਵਸੂਲੀ ਕੀਤੀ ਗਈ ਹੈ, ਉਹਨਾਂ ਆਮ ਪਬਲਿਕ ਦਾ ਵੀ ਧੰਨਵਾਦ ਕੀਤਾ ਗਿਆ ਜਿਹਨਾਂ ਵਲੋਂ ਆਪਣੀ ਜਿੰਮੇਵਾਰੀ ਸਮਝਦੇ ਹੋਏ ਆਪਣਾ ਪ੍ਰਾਪਰਟੀ ਟੈਕਸ ਸਮੇਂ ਸਿਰ ਜਮ੍ਹਾਂ ਕਰਵਾਇਆ ਗਿਆ ਅਤੇ ਉਹਨਾਂ ਵਲੋਂ ਇਸ ਗੱਲ ਨੂੰ ਸੰਜੀਦਗੀ ਨਾਲ ਲੈਂਦੇ ਹੋਏ ਮਾਰਚ 2025 ਮਹੀਨੇ ਦੌਰਾਨ ਆਪਣਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਵਿਚ ਭਾਰੀ ਉਤਸ਼ਾਹ ਦਿਖਾਇਆ ਗਿਆ ਅਤੇ ਮਿਤੀ 31.03.2025 ਤੱਕ ਕੁੱਲ 7 ਕਰੋੜ 68 ਲੱਖ ਰੁਪਏ ਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾ ਕੇ ਇੱਕ ਚੰਗੇ ਨਾਗਰਿਕ ਹੋਣ ਦਾ ਸਬੂਤ ਦਿੱਤਾ ਗਿਆ ਹੈ। ਇਸ ਹੋਈ ਆਮਦਨ ਨਾਲ ਜਿੱਥੇ ਸ਼ਹਿਰ ਦਾ ਬਹੁਮੁੱਖੀ ਵਿਕਾਸ ਹੋਵੇਗਾ ਉੱਥੇ ਸ਼ਹਿਰ ਵਾਸੀਆਂ ਨੂੰ 100% ਪੁਖਤਾ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਵਿਚ ਨਗਰ ਨਿਗਮ ਨੂੰ ਅਸਾਨੀ ਵੀ ਹੋਵੇਗੀ। ਉਹਨਾਂ ਅੱਗੇ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ ਨਗਰ ਨਿਗਮ ਹੁਸ਼ਿਆਰਪੁਰ ਦੇ ਵੱਖ ਵੱਖ ਅਧਿਕਾਰੀਆਂ ਵਲੋਂ ਪ੍ਰਾਪਰਟੀ ਟੈਕਸ ਸਮੇਂ ਸਿਰ ਜਮ੍ਹਾਂ ਕਰਵਾਉਣ ਲਈ ਸ਼ਹਿਰ ਵਾਸੀਆਂ ਨੂੰ ਲਗਾਤਾਰ ਪ੍ਰੇਰਿਆ ਜਾ ਰਿਹਾ ਹੈ ਅਤੇ ਇਹ ਪ੍ਰਕਿਰਿਆ ਨਿਰੰਤਰ ਜਾਰੀ ਹੈ, ਪਬਲਿਕ ਨੂੰ ਹੋਰ ਸਹੂਲਤ ਦੇਣ ਲਈ ਨਗਰ ਨਿਗਮ ਵਲੋਂ ਸ਼ਹਿਰ ਦੇ ਵੱਖ ਵੱਖ ਬਜਾਰਾਂ ਅਤੇ ਮੁਹੱਲਿਆ ਵਿਚ ਲਗਾਤਾਰ ਕੈਂਪ ਲਗਾਏ ਜਾ ਰਹੇ ਹਨ, ਪਬਲਿਕ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਹਨਾਂ ਕੈਂਪਾਂ ਵਿਚ ਆ ਕੇ ਇਹਨਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ ਅਤੇ ਸਮੇਂ ਸਿਰ ਟੈਕਸ ਜਮ੍ਹਾਂ ਕਰਵਾ ਕੇ ਵਿਆਜ ਅਤੇ ਜੁਰਮਾਨੇ ਤੋਂ ਬਚਿਆ ਜਾ ਸਕਦਾ ਹੈ। ਨਗਰ ਨਿਗਮ ਲਗਾਤਾਰ ਆਮ ਪਬਲਿਕ ਨੂੰ ਪ੍ਰਾਪਰਟੀ ਟੈਕਸ ਸਮੇਂ ਸਿਰ ਜਮ੍ਹਾਂ ਕਰਵਾਉਣ ਲਈ ਪ੍ਰੇਰਦੀ ਰਹੀ ਹੈ ਹੁਣ ਵੀ ਪਬਲਿਕ ਸਹੂਲਤ ਲਈ ਨਗਰ ਨਿਗਮ ਦੇ ਸਟਾਫ ਵਲੋਂ ਹਰੇਕ ਵਪਾਰੀ/ਦੁਕਾਨਦਾਰ ਦੀ ਦੁਕਾਨ ਤੇ ਖੁਦ ਜਾ ਕੇ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਦੀ ਅਪੀਲ ਕੀਤੀ ਜਾ ਰਹੀ ਹੈ, ਕਿ ਹੁਣ ਉਹ ਨਗਰ ਨਿਗਮ ਵਿਖੇ ਲਗਾਏ ਗਏ ਕਾਊਂਟਰਾਂ ਤੇ ਆਪਣਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਜੇਕਰ ਫਿਰ ਵੀ ਕੋਈ ਵਿਅਕਤੀਆਪਣਾ ਟੈਕਸ ਜਮ੍ਹਾਂ ਨਹੀਂ ਕਰਵਾਉਂਦਾ ਤਾਂ ਉਸਦੀ ਪ੍ਰਾਪਰਟੀ ਸੀਲ ਕਰਕੇਕਰਕੇ ਬਣਦੇ ਟੈਕਸ ਦੀ ਵਸੂਲੀ ਕੀਤੀ ਜਾਵੇਗੀ।

# ਭਾਜਪਾ ਨੇਤਾ ਕਪਿਲ ਮਿਸ਼ਰਾ ਵਿਰੁੱਧ 2020 ਵਿੱਚ ਉੱਤਰ-ਪੂਰਬੀ ਦਿੱਲੀ ਅੰਦਰ ਹੋਏ ਦੰਗਿਆਂ ਦੇ ਮਾਮਲੇ ਵਿੱਚ ਅਦਾਲਤ ਵਲੋਂ ਜਾਂਚ ਦੇ ਆਦੇਸ਼



**ਨਵੀਂ ਦਿੱਲੀ 1 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਇੱਕ ਅਦਾਲਤ ਨੇ ਦਿੱਲੀ ਪੁਲਿਸ ਨੂੰ ਭਾਜਪਾ ਉਮੀਦਵਾਰ ਵਜੋਂ ਸ਼ਾਨਦਾਰ ਜਿੱਤ ਪ੍ਰਾਪਤ ਕਰਣ ਵਾਲੇ ਭਾਜਪਾ ਨੇਤਾ ਕਪਿਲ ਮਿਸ਼ਰਾ ਵਿਰੁੱਧ 2020 ਦੇ ਉੱਤਰ-ਪੂਰਬੀ ਦਿੱਲੀ ਦੰਗਿਆਂ ਵਿੱਚ ਕਥਿਤ ਸ਼ਮੂਲੀਅਤ ਨੂੰ ਲੈ ਕੇ ਹੋਰ ਜਾਂਚ ਕਰਨ ਦਾ ਹੁਕਮ ਦਿੱਤਾ ਹੈ। ਇਹ ਮਾਮਲਾ ਅਗਸਤ 2024 ਵਿੱਚ ਯਮੁਨਾ ਵਿਹਾਰ ਨਿਵਾਸੀ ਮੁਹੰਮਦ ਇਲਿਆਸ ਦੁਆਰਾ ਦਾਇਰ ਪਟੀਸ਼ਨ ਨਾਲ ਸਬੰਧਤ ਹੈ, ਜਿਸ ਵਿੱਚ ਦਿਆਲਪੁਰ ਪੁਲਿਸ ਸਟੇਸ਼ਨ ਦੇ ਤਤਕਾਲੀ ਐਸਐਚਓ, ਮਿਸ਼ਰਾ ਅਤੇ ਪੰਜ ਹੋਰਾਂ, ਜਿਨ੍ਹਾਂ ਵਿੱਚ ਤਿੰਨ ਭਾਜਪਾ ਨੇਤਾ ਮੁਸਤਫਾਬਾਦ ਦੇ ਵਿਧਾਇਕ ਮੋਹਨ ਸਿੰਘ ਬਿਸ਼ਟ ਅਤੇ ਸਾਬਕਾ ਵਿਧਾਇਕ ਜਗਦੀਸ਼ ਪ੍ਰਧਾਨ ਅਤੇ ਸਤਪਾਲ ਐਮਪੀ ਸ਼ਾਮਲ ਹਨ, ਵਿਰੁੱਧ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਗਈ ਸੀ। ਵਧੀਕ ਮੁੱਖ ਨਿਆਂਇਕ ਮੈਜਿਸਟਰੇਟ ਵੈਭਵ ਚੌਰਸੀਆ ਨੇ ਕਿਹਾ ਕਿ ਪਹਿਲੀ ਘਟਨਾ ਦੇ ਸਬੰਧ ਵਿੱਚ ਹੋਰ ਜਾਂਚ ਸ਼ੁਰੂ ਕੀਤੀ ਜਾਵੇ ਕਿਉਂਕਿ ਸ਼ਿਕਾਇਤਕਰਤਾ ਨੇ ਇੱਕ ਸੰਜੀਦਾ ਅਪਰਾਧ ਦਾ ਖੁਲਾਸਾ ਕੀਤਾ ਹੈ। ਅਸੀਂ ਕਪਿਲ ਮਿਸ਼ਰਾ ਵਿਰੁੱਧ ਹੋਰ ਜਾਂਚ ਦੇ ਹੁਕਮ ਦੇ ਰਹੇ ਹਾਂ ਕਿਉਂਕਿ ਸਾਡਾ ਮੰਨਣਾ ਹੈ ਕਿ ਇਹ ਇੱਕ ਸੰਗੀਨ ਅਪਰਾਧ ਹੈ। ਇਲਿਆਸ ਦੀ ਨੁਮਾਇੰਦਗੀ ਕਰ ਰਹੇ ਵਕੀਲ ਮਹਿਮੂਦ ਪ੍ਰਾਚਾ ਨੇ ਦੋਸ਼ ਲਾਇਆ ਕਿ 23 ਫਰਵਰੀ, 2020 ਨੂੰ, ਉਸਨੇ ਮਿਸ਼ਰਾ ਅਤੇ ਉਸਦੇ ਸਾਥੀਆਂ ਨੂੰ ਕਰਦਮਪੁਰੀ ਵਿੱਚ ਇੱਕ ਸੜਕ ਨੂੰ ਰੋਕਦੇ ਅਤੇ ਗਲੀ ਵਿਕਰੇਤਾਵਾਂ ਦੀਆਂ ਗੱਡੀਆਂ ਨੂੰ ਤੋੜਦੇ ਦੇਖਿਆ। ਇਸ ਤੋਂ ਪਹਿਲਾਂ, ਕੜਕੜਡੂਮਾ ਅਦਾਲਤ ਨੇ ਕਿਹਾ ਸੀ ਕਿ ਜਾਂ ਤਾਂ ਜਾਂਚ ਅਧਿਕਾਰੀ ਨੇ ਕਪਿਲ ਮਿਸ਼ਰਾ ਵਿਰੁੱਧ ਕੋਈ ਜਾਂਚ ਨਹੀਂ ਕੀਤੀ ਜਾਂ ਉਸਨੇ ਕਪਿਲ ਮਿਸ਼ਰਾ ਵਿਰੁੱਧ ਦੋਸ਼ਾਂ ਨੂੰ ਲੁਕਾਉਣ ਦੀ ਕੋਸ਼ਿਸ਼ ਕੀਤੀ। ਅਦਾਲਤ ਨੇ ਕਿਹਾ ਕਿ ਕਪਿਲ ਮਿਸ਼ਰਾ ਇੱਕ ਜਨਤਕ ਹਸਤੀ ਹੈ ਅਤੇ ਉਸ ਬਾਰੇ ਹੋਰ ਜਾਂਚ ਦੀ ਲੋੜ ਹੈ। ਕਿਉਂਕਿ ਅਜਿਹੇ ਲੋਕ ਜਨਤਾ ਦੀ ਰਾਏ ਨੂੰ ਸਿੱਧਾ ਪ੍ਰਭਾਵਿਤ ਕਰਦੇ ਹਨ। ਜਨਤਕ ਜੀਵਨ ਬਤੀਤ ਕਰਨ ਵਾਲੇ ਵਿਅਕਤੀ ਤੋਂ ਸੰਵਿਧਾਨ ਦੇ ਦਾਇਰੇ ਵਿੱਚ ਰਹਿਣ ਦੀ ਉਮੀਦ ਕੀਤੀ ਜਾਂਦੀ ਹੈ। ਕੜਕੜਡੂਮਾ ਅਦਾਲਤ ਨੇ ਅੱਗੇ ਕਿਹਾ ਸੀ ਕਿ ਜਿਸ ਤਰ੍ਹਾਂ ਦੇ ਬਿਆਨ ਦਿੱਤੇ ਜਾਂਦੇ ਹਨ, ਉਸ ਦਾ ਫਿਰਕੂ ਸਦਭਾਵਨਾ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਅਜਿਹੇ ਬਿਆਨ ਨਾ ਸਿਰਫ਼ ਗ਼ੈਰ-ਜਮਹੂਰੀ ਹਨ, ਸਗੋਂ ਦੇਸ਼ ਦੇ ਧਰਮ ਨਿਰਪੱਖ ਸਿਧਾਂਤਾਂ 'ਤੇ ਵੀ ਹਮਲਾ ਹੈ। ਅਜਿਹੇ ਬਿਆਨ ਸੰਵਿਧਾਨ ਦੇ ਮੂਲ ਸੁਭਾਅ ਦੀ ਖੁੱਲ੍ਹ ਕੇ ਉਲੰਘਣਾ ਹਨ। ਇਹ ਭਾਰਤੀ ਦੰਡ ਸੰਹਿਤਾ ਦੀ ਧਾਰਾ 153 ਏ ਨਾਲ ਸਬੰਧਤ ਹੈ ਜੋ ਫਿਰਕੂ ਅਤੇ ਧਾਰਮਿਕ ਸਦਭਾਵਨਾ ਨਾਲ ਸਬੰਧਤ ਹੈ। ਇਹ ਦੇਸ਼ ਦੇ ਹਰ ਨਾਗਰਿਕ ਦੀ ਜ਼ਿੰਮੇਵਾਰੀ ਨਾਲ ਵੀ ਜੁੜਿਆ ਹੋਇਆ ਹੈ। ਜਿਸ ਤਰ੍ਹਾਂ ਦੋਸ਼ੀ ਨੂੰ ਆਪਣੀ ਪ੍ਰਗਟਾਵੇ ਦੀ ਆਜ਼ਾਦੀ ਦਾ ਆਨੰਦ ਲੈਣ ਦਾ ਅਧਿਕਾਰ ਹੈ, ਉਸੇ ਤਰ੍ਹਾਂ ਉਸ ਦੀ ਜ਼ਿੰਮੇਵਾਰੀ ਵੀ ਹੈ ਕਿ ਉਹ ਫਿਰਕੂ ਸਦਭਾਵਨਾ ਬਣਾਈ ਰੱਖੇ। ਜਿਕਰਯੋਗ ਹੈ ਕਿ ਫਰਵਰੀ 2020 ਵਿੱਚ ਇੱਕ ਵਿਵਾਦਪੂਰਨ ਨਾਗਰਿਕਤਾ ਕਾਨੂੰਨ ਨੂੰ ਲੈ ਕੇ ਹਿੰਦੂਆਂ ਅਤੇ ਮੁਸਲਮਾਨਾਂ ਵਿਚਕਾਰ ਹੋਈਆਂ ਝੜਪਾਂ ਤੋਂ ਬਾਅਦ 50 ਤੋਂ ਵੱਧ ਲੋਕ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਮੁਸਲਮਾਨ ਮਾਰੇ ਗਏ ਸਨ। ਇਹ ਹਿੰਸਾ ਜੋ ਕਿ ਸ਼ਹਿਰ ਵਿੱਚ ਕਈ ਦਿਨਾਂ ਤੱਕ ਚਲਦੀ ਰਹੀ ਸੀ ਅਤੇ ਇਸ ਵਿੱਚ ਹਿੰਸਕ ਭੀੜ ਵਲੋਂ ਸੈਂਕੜੇ ਘਰਾਂ ਅਤੇ ਦੁਕਾਨਾਂ ਨੂੰ ਅੱਗ ਲਗਾ ਦਿੱਤੀ ਗਈ ਸੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਰਿਆਤ ਬਾਹਰਾ ਫਾਰਮੇਸੀ ਅਤੇ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਨੇ ਰੁੱਖ ਲਗਾਉਣ ਦੀ ਮੁਹਿੰਮ ਚਲਾਈ

**ਹੁਸ਼ਿਆਰਪੁਰ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਰਿਆਤ ਬਾਹਰਾ ਫਾਰਮੇਸੀ ਅਤੇ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਵੱਲੋਂ ਸਾਂਝੇ ਯਤਨਾਂ ਨਾਲ ਵਿਸ਼ਵ ਰੁੱਖ ਲਗਾਉਣ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਰੁੱਖ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਮੁਹਿੰਮ ਤਹਿਤ, ਪ੍ਰਬੰਧਨ ਵਿਭਾਗ ਨੇ ਪਿੰਡ ਬੋਹਨ ਅਤੇ ਰਿਆਤ ਬਾਹਰਾ ਇੰਸਟੀਚਿਊਟ ਆਫ਼ ਫਾਰਮੇਸੀ, ਹੁਸ਼ਿਆਰਪੁਰ ਕੈਂਪਸ ਵਿੱਚ ਰੁੱਖ ਲਗਾਏ। ਇਹ ਮੁਹਿੰਮ ਡਾਇਰੈਕਟਰ ਪ੍ਰਿੰਸੀਪਲ ਡਾ. ਹਰਿੰਦਰ ਗਿੱਲ ਅਤੇ ਪ੍ਰਿੰਸੀਪਲ ਡਾ. ਮਨਿੰਦਰ ਗਰੋਵਰ ਦੀ ਅਗਵਾਈ ਹੇਠ ਸਫਲਤਾਪੂਰਵਕ ਸਮਾਪਤ ਹੋਈ। ਹਰਬਲ ਗਾਰਡਨ ਟੀਮ ਦੇ ਕੋਆਰਡੀਨੇਟਰ ਸ਼ਿਵ ਕੁਮਾਰ ਅਤੇ ਹਰਨੇਕ ਸਿੰਘ ਦੀ ਮਦਦ ਨਾਲ, ਔਸ਼ਧੀ ਪੌਦੇ ਲਗਾਏ ਗਏ ਜੋ ਵਾਤਾਵਰਣ ਸੰਭਾਲ, ਔਸ਼ਧੀ ਵਰਤੋਂ ਅਤੇ ਫਾਰਮਾਕੋਗਨੋਸਟਿਕਲ ਅਧਿਐਨ ਲਈ ਲਾਭਦਾਇਕ ਹੋਣਗੇ। ਇਸ ਸਬੰਧੀ ਕੈਂਪਸ ਡਾਇਰੈਕਟਰ ਡਾ. ਚੰਦਰ ਮੋਹਨ ਨੇ ਕਿਹਾ ਕਿ ਰਿਆਤ ਬਾਹਰਾ ਗਰੁੱਪ ਵਿਦਿਆਰਥੀਆਂ ਦੀ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਅਜਿਹੇ ਪ੍ਰੋਗਰਾਮ ਆਯੋਜਿਤ ਕਰਦਾ ਹੈ। ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਦਾ ਪ੍ਰਣ ਲਿਆ।

# ਸਾਹਿਤਕ ਸਿਤਾਰੇ ਮੰਚ ਵੱਲੋਂ ਬਹਾਦਰ ਸਿੰਘ ਗੌਸਲ ਨੂੰ ਸ਼ਾਨ ਏ ਪੰਜਾਬ ਪੁਰਸਕਾਰ ਨਾਲ ਸਨਮਾਨਿਤ ਕੀਤਾ

**ਚੋਹਲਾ ਸਾਹਿਬ, 1 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਬੀਤੇ ਦਿਨੀਂ ਸਾਹਿਤਕ ਸਿਤਾਰੇ ਮੰਚ ਰਜਿਸਟਰ ਤਰਨ ਤਾਰਨ ਵੱਲੋਂ ਗੰਡਿਆਂਵਾਲੀ ਧਰਮਸ਼ਾਲਾ ਵਿੱਚ ਹਰਦੇਵ ਸਿੰਘ ਗਾਂਧੀ ਦੀ ਯਾਦ ਵਿੱਚ ਸ਼ਾਨਦਾਰ ਕਵਿਤਾ ਮੁਕਾਬਲੇ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿੱਚ 110 ਕਿਤਾਬਾਂ ਦੇ ਸਿਰਜਨਹਾਰੇ ਬਹਾਦਰ ਸਿੰਘ ਗੌਸਲ ਚੰਡੀਗੜ੍ਹ ਅਤੇ ਉਹਨਾਂ ਦੀ ਪੂਰੀ ਟੀਮ ਨੇ ਭਾਗ ਲਿਆ ਅਤੇ ਉੱਘੇ ਸਾਹਿਤਕਾਰ ਡਾਕਟਰ ਦਵਿੰਦਰ ਸੈਫੀ ਆਪਣੇ ਸਾਥੀਆਂ ਸਮੇਤ ਇਸ ਪ੍ਰੋਗਰਾਮ ਵਿੱਚ ਪਹੁੰਚੇ ਦਵਿੰਦਰ ਸੈਫੀ ਨੂੰ ਗੁਰਬਖਸ਼ ਸਿੰਘ ਪ੍ਰੀਤ ਲੜੀ ਪੁਰਸਕਾਰ ਪ੍ਰਦਾਨ ਕੀਤਾ ਗਿਆ ਅਤੇ ਬਹਾਦਰ ਸਿੰਘ ਗੌਸਲ ਨੂੰ ਸ਼ਾਨ ਏ ਪੰਜਾਬ ਪੁਰਸਕਾਰ ਦੇ ਕੇ ਨਿਵਾਜਿਆ ਗਿਆ।ਇਹਨਾਂ ਤੋਂ ਇਲਾਵਾ ਕੰਵਲਜੀਤ ਢਿਲੋਂ ਪਰਮਜੀਤ ਜੈਸਵਾਲ ਮੱਖਣ ਭੈਣੀਵਾਲ ਕਾਮਰੇਡ ਚਰਨ ਸਿੰਘ ,ਕਰਮ ਸਿੰਘ ਮਾਹਲਾ ਬਲਕਾਰ ਸਿੰਘ ਮੈਂਬਰ ਮੋਰਾਂਵਾਲੀ , ਤਿਲਕਰਾਜ ਕੌਂਸਲਰ ਗੁਰਭੇਜ ਸਿੰਘ ,ਕੌਂਸਲਰ ਰਘਬੀਰ ਸਿੰਘ ਆਨੰਦ ਮੀਤ ਪ੍ਰਧਾਨ ਸਾਹਿਤਕ ਸਿਤਾਰੇ,ਰਕੇਸ਼ ਸਚਦੇਵਾ ਜਨਰਲ ਸਕੱਤਰ ਸਾਹਿਤਕ ਸਿਤਾਰੇ ਵਰਨ ਸੂਦ ਵਿੱਤ ਸਕੱਤਰ,ਗੁਰਮੀਤ ਸਿੰ ਘਜੇ ਈ ਪ੍ਰੈਸ ਸਕੱਤਰ ਜਸਬੀਰ ਸਿੰਘ ਪ੍ਰਧਾਨ ਗ੍ਰਾਮੀਨ ਡਾਕ ਸੇਵਕ ਯੂਨੀਅਨ ,ਜਗਤਾਰ ਸਿੰਘ ਜੋਗਾ ਚੰਡੀਗੜ੍ਹ ,ਭੁਪਿੰਦਰ ਸਿੰਘ ਚੰਡੀਗੜ ਸਭ ਨੂੰ ਵੱਖ ਵੱਖ ਸਮਨਮਾਨਾ ਦੁਆਰਾ ਸਨਮਾਨਿਤ ਕੀਤਾ ਗਿਆ।ਧਰਮ ਸਿੰਘ ਪੰਨੂ ,ਜਸਬੀਰ ਸਿੰਘ ਭੱਟੀ ,ਵਿਸ਼ੇਸ਼ ਤੌਰ ਤੇ ਪ੍ਰੋਗਰਾਮ ਵਿੱ ਸ਼ਿਰਕਤ ਕਰਨ ਲਈ ਆਏ ਪਰਗਟ ਸਿੰਘ ਕਾਰਜ ਕਰਨੀ ਮੈਂਬਰ ਤੋਂ ਇਲਾਵਾ ਹਰਦੇਵ ਸਿੰਘ ਗਾਂਧੀ ਦੇ ਪਰਿਵਾਰ ਦੇ ਮੈਂਬਰ ਇਸ ਸ਼ਾਨਦਾਰ ਪ੍ਰੋਗਰਾਮ ਵਿੱਚ ਪਹੁੰਚੇ ਮਨਜਿੰਦਰ ਸਿੰਘ ਰਾਜਾ ਸਪੁੱਤਰ ਹਰਦੇਵ ਸਿੰਘ ਗਾਂਧੀ ਨੂੰ ਵਿਸ਼ੇਸ਼ ਸਨਮਾਨ ਦੁਆਰਾ ਨਿਵਾਜਿਆ ਗਿਆ।ਇਸ ਤਰ੍ਹਾਂ ਇਹ ਪ੍ਰੋਗਰਾਮ ਆਪਣੀਆਂ ਯਾਦਾਂ ਛੱਡਦਾ ਹੋਇਆ ਯਾਦਵਾਰੀ ਹੋ ਨਿਬੜਿਆ।ਇਸ ਸਮੇਂ ਸਾਹਿਤਕ ਸਿਤਾਰੇ ਮੰਚ ਦੇ ਸੰਚਾਲਕ ਹਰਭਜਨ ਸਿੰਘ ਭਗਰੱਥ ਨੇ ਦੱਸਿਆ ਕਿ ਉਹ ਸਫਰਨਾਮਿਆਂ ਦੇ ਨਾਲ ਨਾਲ ਕਵਿਤ ਾਵੀ ਲਿਖਦੇ ਹਨ,ਹਰਭਜਨ ਸਿੰਘ ਭਗਰੱਥ ਨੇ ਦੱਸਿਆ ਕਿ ਸਾਹਿਤਕ ਸਿਤਾਰੇ ਮੰਚ ਦਾ ਮੁੱਖ ਉਦੇਸ਼ ਸੀਨੀਅਰ ਸਹਿਤਕਾਰਾਂ ਨੂੰ ਸਨਮਾਨਿਤ ਕਰਨਾ ਹੈ ਅਤੇ ਹੁਣ ਤੱਕ ਸਾਹਿਤਕ ਸਿਤਾਰੇ ਮੰਚ ਵੱਲੋਂ ਪੰਜ ਦਰਜ ਤੋਂ ਵੱਧ ਉੱਘੇ ਸਾਹਿਤਕਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾ ਚੁੱਕਾ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਕਰਵਾਉਂਦੇ ਰਹਿਣਗੇ।ਉਹਨਾਂ ਦੱਸਿਆ ਕਿ ਉਹ ਹੁਣ ਤੱਕ ਪ੍ਰੇਮ ਦੂਤ ਪੁਰਸਕਾਰ,ਪ੍ਰੇਮ ਜੋਤ ਦਾ ਰਾਹੀਂ ਪੁਰਸਕਾਰ ਅਤੇ ਪਿਆਰ ਦਾ ਸਾਗਰ ਪੁਰਸਕਾਰ ਪ੍ਰਾਪਤ ਕਰ ਚੁੱਕੇ ਹਨ।ਉਹਨਾਂ ਦੱਸਆ ਕਿ ਜਸਵਿੰਦਰ ਸਿੰਘ ਢਿਲੋਂ ਅਤੇ ਬਲਬੀਰ ਸਿੰਘ ਭੈਲ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਮੇਰੇ ਆਦਰਸ਼ ਹਨ ਮੇਰੇ ਰਾਹ ਦਸੇਰਾ ਹਨ ਅਤੇ ਉਹਨਾਂ ਤੋਂ ਬਗੈਰ ਸਾਹਿਤਕ ਸਫਰ ਅਧੂਰਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦਾ ਦਿਹਾੜਾ

# ਇਨਸਬਰੁਕ ਤਰੋਲ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਅਤੇ ਧੂਮ ਧਾਮ ਨਾਲ ਮਨਾਇਆ

## ਇੰਟਰਨੈਸ਼ਨਲ ਪੰਥਕ ਦਲ ਦੇ ਆਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਅਤੇ ਮੁੱਖ ਬੁਲਾਰੇ ਭਾਈ ਵਰਿੰਦਰ ਸਿੰਘ ਜੀ ਜੌਹਲ ਵੱਲੋਂ ਸ਼ਿਰਕਤ ਕੀਤੀ ਗਈ















**ਨਵੀਂ ਦਿੱਲੀ, 1 ਅਪ੍ਰੈਲ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਵਿਸਾਖੀ ਦਾ ਦਿਹਾੜਾ ਇਨਸਬਰੁਕ ਤਰੋਲ ਵਿਖੇ 30 ਮਾਰਚ 2025 ਨੂੰ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਵਾ ਕੇ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ ਜਥਾ ਇਟਲੀ ਵਾਲਿਆਂ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਪਾਵਨ ਉਪਦੇਸ਼ ਹੁਕਮਨਾਮੇ ਦੀ ਕਥਾ ਵਿਚਾਰ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਕੀਤੀ।ਢਾਡੀ ਜਥਾ ਭਾਈ ਸਤਪਾਲ ਸਿੰਘ ਵਿਆਨਾਂ ਨੇ ਢਾਡੀ ਵਾਰਾਂ ਗਾ ਕੇ ਸੰਗਤਾਂ ਵਿੱਚ ਖੂਬ ਰੰਗ ਬੰਨਿਆ ।ਸਟੇਜ ਸੈਕਟਰੀ ਦੀ ਸੇਵਾ ਇੰਟਰਨੈਸਨਲ ਪੰਥਕ ਦਲ ਅਸਟਰੀਆ ਯੂਰਪ ਦੇ ਮੁੱਖ ਬੁਲਾਰੇ ਭਾਈ ਵਰਿੰਦਰ ਸਿੰਘ ਜੀ ਜੌਹਲ ਨੇ ਬਹੁਤ ਹੀ ਖੂਬ ਅਤੇ ਚੜਦੀ ਕਲਾ ਨਾਲ ਨਿਭਾਈ। ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦੇ ਸਮੂਹ ਆਗੂਆਂ ਵੱਲੋਂ ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਗਈ।ਸਿਰਪਾਓ ਦੇਣ ਦੀ ਸੇਵਾ ਭਾਈ ਹਰਪ੍ਰੀਤ ਸਿੰਘ ਜਰਨਲ ਸਕੱਤਰ ਅਸਟਰੀਆ IPD ਅਤੇ ਪ੍ਰਧਾਨ ਇਨਸਬਰੁਕ ਵੱਲੋਂ ਕੀਤੀ ਗਈ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਜਥੇਦਾਰ ਬਾਬਾ ਨਛੱਤਰ ਸਿੰਘ ਜੀ ਨੇ ਬੋਲਦਿਆਂ ਦੱਸਿਆ ਕਿ ਖਾਲਸਾ ਪੰਥਰੇ ਸਾਜਨਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਹੋਣ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਜੀ ਦੇ ਪਾਏ ਪੂਰਨਿਆਂ ਤੇ ਚੱਲਣਾ ਅਤੇ ਅੰਮ੍ਰਿਤੁ ਪੀਆ ਸਤਿਗੁਰਿ ਦੀਆ।। ਖਾਲਸੇ ਪੰਥ ਦੇ ਸਾਜਨਾ ਦਿਵਸ ਤੇ ਪ੍ਰਣ ਕਰੀਏ ਦੁਨਿਆਵੀ ਕੁਰੀਤੀਆਂ ਦਾ ਤਿਆਗ ਕਰਕੇ ਸ਼ੁਭ ਗੁਣਾ ਦੇ ਧਾਰਨੀ ਬਣੀਏ ਅੰਮ੍ਰਿਤ ਛਕੀਏ ਗੁਰੂ ਵਾਲੇ ਬਣ ਕੇ ਆਪਣਾ ਜੀਵਨ ਸਫਲਾ ਕਰੀਏ।ਇਸ ਮੌਕੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਤੋ ਇਲਾਵਾ ਭਾਈ ਸਾਗਰਪਾਲ ਸਿੰਘ ਸਾਲਜਬਰਗ ਪ੍ਰਧਾਨ ,ਭਾਈ ਹਰਮੇਲ ਸਿੰਘ ਮੀਤ ਪ੍ਰਧਾਨ, ਬਲਬੀਰ ਸਿੰਘ ,ਭਾਈ ਪਰਸਨ ਸਿੰਘ ਸੰਧੂ, ਪ੍ਰਦੀਪ ਸਿੰਘ ਪਰਮਾਰ, ਗੁਰਪ੍ਰੀਤ ਸਿੰਘ ਖਹਿਰਾ, ਹਰਦੀਪ ਸਿੰਘ ਥਿੰਦ, ਰਜਿੰਦਰ ਸਿੰਘ, ਪਰਮਜੀਤ ਸਿੰਘ ਪੰਮਾ ਬੋਲੀਵੁੱਡ ,ਰਾਜੀਵ ਕੁਮਾਰ ਨਾਗਪਾਲ ,ਪ੍ਰਦੀਪ ਸਿੰਘ ਅਫਗਾਨੀ ,ਦਮਨਪ੍ਰੀਤ ਕੌਰ ਪਰਮਾਰ, ਅਮਨਦੀਪ ਸਿੰਘ ਇਟਲੀ, ਪ੍ਰਦੀਪ ਸਿੰਘ ਸੋਨੀ ,ਰਵਿੰਦਰਜੀਤ ਸਿੰਘ ਰਵੀ ਪ੍ਰਧਾਨ ਇਟਲੀ ਬਲਜਾਨੋ ,ਗੁਰਮੁੱਖ ਸਿੰਘ ਬੰਗਾ ,ਹਰਮਨ ਸਿੰਘ ਵਿਆਨਾ, ਸ਼ਮਸ਼ੇਰ ਸਿੰਘ ਮਾਂਗਟ ਵਿਆਨਾ, ਗੁਰਪ੍ਰੀਤ ਸਿੰਘ ਨਾਗਰਾ ਲਿਨਸ, ਪ੍ਰਧਾਨ ਤਰਸੇਮ ਸਿੰਘ ਕਲੈਗਨ ਫਰੋਟ, ਸੀਨੀਅਰ ਮੀਤ ਪ੍ਰਧਾਨ ਹਰਪਾਲ ਸਿੰਘ ਆਈਪੀਡੀ ,ਦਰਬਾਰਾ ਸਿੰਘ, ਨਿਰਵੈਰ ਸਿੰਘ, ਰਜਿੰਦਰ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ। ••